SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 20 | Monday, January 30, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਛੁਰੇਬਾਜ਼ੀ ਵਿੱਚ ਇੱਕ ਵਿਅਕਤੀ ਦੀ ਹੋਈ ਮੌਤ, ਇੱਕ ਜ਼ਖ਼ਮੀ




ਟੋਰਾਂਟੋ, 29 ਜਨਵਰੀ (ਪੋਸਟ ਬਿਊਰੋ) : ਸ਼ੇਰਬਰਨ ਸਟਰੀਟ ਉੱਤੇ ਦੋ ਵਿਅਕਤੀਆਂ ਨੂੰ ਚਾਕੂ ਮਾਰ ਕੇ ਜ਼ਖ਼ਮੀ ਕਰ ਦਿੱਤਾ ਗਿਆ ਤੇ ਬਾਅਦ ਵਿੱਚ ਇੱਕ ਜ਼ਖ਼ਮੀ ਦੀ ਮੌਤ ਹੋ ਗਈ। ਟੋਰਾਂਟੋ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਪੁਲਿਸ ਦੁਪਹਿਰੇ 4:30 ਉੱਤੇ ਮੌਕੇ ਉੱਤੇ ਪਹੁੰਚੀ ਤੇ ਉੱਥੇ ਉਨ੍ਹਾਂ ਨੂੰ ਇੱਕ ਵਿਅਕਤੀ ਬੁਰੀ ਤਰ੍ਹਾਂ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਉੱਤੇ ਚਾਕੂ ਨਾਲ ਕਈ ਵਾਰ ਕੀਤੇ ਗਏ ਸਨ। ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਪੈਰਾਮੈਡਿਕਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਦੂਜੇ ਜ਼ਖ਼ਮੀ ਵਿਅਕਤੀ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਇਸ ਘਟਨਾ ਦੇ ਸਬੰਧ ਵਿੱਚ ਪੁਲਿਸ ਨੇ ਇੱਕ ਵਿਅਕਤੀ ਨੂੰ ਹਿਰਾ-ਸਤ ਵਿੱਚ ਲਿਆ ਹੈ ਤੇ ਇਹ ਵੀ ਆਖਿਆ ਹੈ ਕਿ ਜਨਤਾ ਨੂੰ ਕਿਸੇ ਕਿਸਮ ਦਾ ਕੋਈ ਖਤਰਾ ਨਹੀਂ ਹੈ।

## ਨਹੀਂ ਰਹੀ ਮਿਸੀਸਾਗਾ ਦੀ ਸਾਬਕਾ ਮੇਅਰ 'ਹਰੀਕੇਨ ਹੇਜ਼ਲ'

ਮਿਸੀਸਾਗਾ, 29 ਜਨਵਰੀ (ਪੋਸਟ ਬਿਊਰੋ) : ਮਿਸੀਸਾਗਾ ਦੀ ਸਾਬਕਾ ਮੇਅਰ ਹੇਜ਼ਲ ਮੈਕੈਲੀਅਨ, ਜਿਨ੍ਹਾਂ ਨੂੰ ਹਰੀਕੇਨ ਹੇਜ਼ਲ ਵਜੋਂ ਵੀ ਜਾਣਿਆ ਜਾਂਦਾ ਸੀ, ਦੀ ਮੌਤ ਹੋ ਗਈ। ਉਹ 101 ਸਾਲਾਂ ਦੀ ਸੀ। ਉਨ੍ਹਾਂ ਦੀ ਮੌਤ ਦੀ ਪੁਸ਼ਟੀ ਉਨ੍ਹਾਂ ਦੇ ਪਰਿਵਾਰ ਵੱਲੋਂ ਕੀਤੀ ਗਈ।

ਇੱਕ ਬਿਆਨ ਵਿੱਚ ਪ੍ਰੀਮੀਅਰ ਡੱਗ ਫੋਰਡ ਨੇ ਆਖਿਆ ਕਿ ਪਰਿਵਾਰ ਦੀ ਬੇਨਤੀ ਉੱਤੇ ਉਹ ਬਹੁਤ ਹੀ ਭਾਰੀ ਮਨ ਨਾਲ ਆਪਣੀ ਬਹੁਤ ਹੀ ਪਿਆਰੀ ਦੋਸਤ ਤੇ ਗੁਰੂ ਹੇਜ਼ਲ ਮੈਕੇਲੀਅਨ ਦੇ ਇਸ ਜਹਾਨ ਤੋਂ ਤੁਰ ਜਾਣ ਦੀ ਖਬਰ ਦਾ ਐਲਾਨ ਕਰਦੇ ਹਨ। ਮੈਕੇਲੀਅਨ ਦੀ ਮੌਤ ਮਿਸੀਸਾਗਾ ਸਥਿਤ ਉਨ੍ਹਾਂ ਦੇ ਘਰ ਵਿੱਚ ਹੀ ਹੋਈ। 14 ਫਰਵਰੀ ਨੂੰ ਉਹ 102 ਸਾਲਾਂ ਦੇ ਹੋਣ ਵਾਲੇ ਸਨ। ਫੋਰਡ ਨੇ ਆਖਿਆ ਕਿ ਹੇਜ਼ਲ ਪਬਲਿਕ ਸਰਵੈਂਟ ਦੀ ਸੱਚੀ ਮਿਸਾਲ ਸੀ। ਉਨ੍ਹਾਂ ਦੀ ਜ਼ਬਰਦਸਤ ਸ਼ਖ਼ਸੀਅਤ ਦਾ ਕਾਇਲ ਹੋਏ ਬਿਨਾਂ ਕੋਈ ਨਹੀਂ ਸੀ ਰਹਿ ਸਕਦਾ। ਉਨ੍ਹਾਂ ਆਖਿਆ ਕਿ ਉਹ ਬਹੁਤ ਖੁਸ਼ਕਿਸਮਤ ਹਨ ਕਿ ਪਿਛਲੇ ਕਈ ਸਾਲਾਂ ਤੋਂ ਹੇਜ਼ਲ ਉਨ੍ਹਾਂ ਦੀ ਦੋਸਤ ਰਹੀ।



ਪਰਿਵਾਰ ਵੱਲੋਂ ਅਜੇ ਮੈਕੇਲੀਅਨ ਦੀਆਂ ਅੰਤਿਮ ਰਸਮਾਂ ਨਿਭਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ ਪਰ ਪ੍ਰੋਵਿੰਸ ਵੱਲੋਂ ਮੈਕੇਲੀਅਨ ਲਈ ਰਾਜ ਪੱਧਰੀ ਅੰਤਿਮ ਰਸਮਾਂ ਕਰਵਾਉਣ ਦੀ ਪੇਸ਼ਕਸ਼ ਕੀਤੀ ਗਈ ਹੈ। ਇਸ ਦੌਰਾਨ ਮਿਸੀਸਾਗਾ ਦੀ ਮੇਅਰ ਬੌਨੀ ਕ੍ਰੌਂਬੀ ਨੇ ਮੈਕੇਲੀਅਨ ਨੂੰ ਸ਼ਰਧਾਂਜਲੀ ਦਿੰਦਿਆਂ ਆਖਿਆ ਕਿ ਜੇ ਉਨ੍ਹਾਂ ਦੀ ਸਲਾਹ ਤੇ ਸੇਧ ਨਾ ਮਿਲਦੀ ਤਾਂ ਉਨ੍ਹਾਂ ਮੇਅਰ ਨਹੀਂ ਸੀ ਬਣ ਪਾਉਣਾ। ਇਸ ਮੌਕੇ ਟੋਰਾਂਟੋ ਦੇ ਮੇਅਰ ਜੌਹਨ ਟੋਰੀ ਨੇ ਆਖਿਆ ਕਿ ਮੈਕੈਲੀਅਨ ਬਹੁਤ ਹੀ ਜਜ਼ਬੇ ਵਾਲੀ ਮਹਿਲਾ ਸੀ। ਆਪਣੀ ਸਿਟੀ ਲਈ ਕੰਮ ਕਰਵਾਉਣ ਵਾਸਤੇ ਉਹ ਫੈਡਰਲ ਤੇ ਪ੍ਰੋਵਿੰਸ਼ੀਅਲ ਸਰਕਾਰਾਂ ਨਾਲ ਕੰਮ ਕਰਨ ਤੋਂ ਵੀ ਨਹੀਂ ਸੀ ਝਿਜਕਦੀ। ਉਨ੍ਹਾਂ ਨੂੰ ਸੱਤਾ ਦੀ ਤਾਕਤ ਦਾ ਪਤਾ ਸੀ ਤੇ ਜਿੱਥੇ ਲੋੜ ਪੈਂਦੀ ਸੀ ਤਾਂ ਉਹ ਸਰਕਾਰਾਂ ਨੂੰ ਜਵਾਬਦੇਹੀ ਲਈ ਵੀ ਮਜਬੂਰ ਕਰਦੀ ਸੀ।

ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਆਖਿਆ ਕਿ ਮੈਕੇਲੀਅਨ ਹਮੇਸ਼ਾਂ ਚੜ੍ਹਦੀ ਕਲਾ ਵਿੱਚ ਰਹਿਣ ਵਾਲੀ ਮਹਿਲਾ ਸੀ, ਜਿਨ੍ਹਾਂ ਨੇ ਆਪਣੀ ਅਣਥੱਕ ਤੇ ਨਿਸਵਾਰਥ ਸੇਵਾ ਨਾਲ ਅਣਗਿਣਤ ਲੋਕਾਂ ਨੂੰ ਪ੍ਰਭਾਵਿਤ ਕੀਤਾ। ਮੈਕੇਲੀਅਨ ਦਾ ਜਨਮ 14 ਫਰਵਰੀ, 1921 ਨੂੰ ਵੈਲੇਂਟਾਈਨਜ਼ ਡੇਅ ਵਾਲੇ ਦਿਨ ਪੋਰਟ ਡੈਨੀਅਲ, ਕਿਊਬਿਕ ਵਿੱਚ ਹੋਇਆ। ਉਹ 1978 ਤੋਂ 2014 ਤੱਕ ਲਗਾਤਾਰ 36 ਸਾਲ ਮਿਸੀਸਾਗਾ ਦੀ ਮੇਅਰ ਰਹੀ। 93 ਸਾਲਾਂ ਦੀ ਉਮਰ ਵਿੱਚ ਉਨ੍ਹਾਂ ਸਿਆਸਤ ਤੋਂ ਸੰਨਿਆਸ ਲਿਆ। ਸਿਆਸਤ ਛੱਡਣ ਤੋਂ ਬਾਅਦ ਮੈਕੇਲੀਅਨ ਨੂੰ ਸ਼ੈਰੀਡਨ ਕਾਲਜ ਦੀ ਚਾਂਸਲਰ ਨਿਯੁਕਤ ਕੀਤਾ ਗਿਆ ਤੇ ਉਹ ਯੂਨੀਵਰਸਿਟੀ ਆਫ ਟੋਰਾਂਟੋ-ਮਿਸੀਸਾਗਾ ਦੇ ਪ੍ਰਿੰਸੀਪਲ ਦੀ ਸਪੈਸ਼ਲ ਐਡਵਾਈਜ਼ਰ ਵੀ ਬਣੀ। 1951 ਵਿੱਚ ਉਨ੍ਹਾਂ ਦਾ ਵਿਆਹ ਸੈਮ ਮੈਕੇਲੀਅਨ ਨਾਲ ਹੋਇਆ ਤੇ ਉਨ੍ਹਾਂ ਦੇ ਤਿੰਨ ਬੱਚੇ ਹੋਏ। 1997 ਵਿੱਚ ਉਨ੍ਹਾਂ ਦੇ ਪਤੀ ਦਾ ਦੇਹਾਂਤ ਹੋ ਗਿਆ।

## ਕਈ ਗੱਡੀਆਂ ਆਪਸ ਵਿੱਚ ਟਕਰਾਈਆਂ, ਚਾਰ ਜ਼ਖ਼ਮੀ

ਟੋਰਾਂਟੋ, 29 ਜਨਵਰੀ (ਪੋਸਟ ਬਿਊਰੋ) : ਐਤਵਾਰ ਸ਼ਾਮ ਨੂੰ ਜੇਨ ਸਬਵੇਅ ਸਟੇਸ਼ਨ ਉੱਤੇ ਟੀਟੀਸੀ ਬੱਸ ਤੇ ਕਈ ਹੋਰ ਗੱਡੀਆਂ ਦੀ ਆਪਸ ਵਿੱਚ ਹੋਈ ਟੱਕਰ ਵਿੱਚ ਚਾਰ ਵਿਅਕਤੀ ਜ਼ਖ਼ਮੀ ਹੋ ਗਏ।

ਪੁਲਿਸ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਇਸ ਹਾਦਸੇ ਵਿੱਚ ਟੀਟੀਸੀ ਦੀ ਬੱਸ ਸਮੇਤ ਪੰਜ ਗੱਡੀਆਂ ਸ਼ਾਮਲ ਸਨ। ਇਹ ਵੀ ਦੱਸਿਆ ਗਿਆ ਕਿ ਇਸ ਹਾਦਸੇ ਵਿੱਚ



ਕੋਈ ਗੰਭੀਰ ਰੂਪ ਵਿੱਚ ਜ਼ਖ਼ਮੀ ਨਹੀਂ ਹੋਇਆ। ਬਲੂਅਰ ਸਟਰੀਟ ਵੈਸਟ ਨੂੰ ਜੇਨ ਸਟਰੀਟ ਤੋਂ ਆਰਮਾਡੇਲ ਐਵਨਿਊ ਤੱਕ ਬੰਦ ਕਰ ਦਿੱਤਾ ਗਿਆ ਹੈ ਤੇ ਇਸ ਇਲਾਕੇ ਵਿੱਚ ਟਰੈਫਿਕ ਵਿੱਚ ਡਿਲੇਅ ਹੋ ਸਕਦੀ ਹੈ।

## ਭਾਰਤ ਮਹਿਲਾ ਟੀਮ ਨੇ ਇੰਗਲੈਂਡ ਨੂੰ 7 ਵਿਕਟਾਂ ਨਾਲ ਹਰਾ ਕੇ ਪਹਿਲਾ ਅੰਡਰ-19 ਟੀ-20 ਵਿਸ਼ਵ ਕੱਪ ਜਿੱਤਿਆ

ਕੇਪ ਟਾਊਨ, 29 ਜਨਵਰੀ (ਪੋਸਟ ਬਿਊਰੋ): ਭਾਰਤੀ ਮਹਿਲਾ ਟੀਮ ਨੇ ਐਤਵਾਰ ਨੂੰ ਪੋਚੇਫਸਟਰੂਮ ਵਿਚ ਅੰਡਰ-19 ਟੀ-20 ਵਿਸਵ ਕੱਪ ਦੇ ਫਾਈਨਲ 'ਚ ਇੰਗਲੈਂਡ ਨੂੰ 7 ਵਿਕਟਾਂ ਨਾਲ ਹਰਾ ਕੇ ਇਤਿਹਾਸ ਰਚ ਦਿੱਤਾ। ਭਾਰਤ ਮਹਿਲਾ ਅੰਡਰ-19 ਵਿਸਵ ਕੱਪ ਦਾ ਖਿਤਾਬ ਜਿੱਤਣ ਵਾਲਾ ਪਹਿਲਾ ਦੇਸ਼ ਬਣ ਗਿਆ ਹੈ। ਟੀਮ ਇੰਡੀਆ ਨੇ 69




ਦੌੜਾਂ ਦਾ ਟੀਚਾ 14 ਓਵਰਾਂ ਵਿੱਚ ਤਿੰਨ ਵਿਕਟਾਂ ਗੁਆ ਕੇ ਹਾਸਿਲ ਕਰ ਲਿਆ। ਜਿਸ ਵਿਚ ਸੌਮਿਆ ਤਿਵਾੜੀ (ਅਜੇਤੂ 24) ਅਤੇ ਗੋਂਗੜੀ ਤ੍ਰਿਸ਼ਾ (24) ਨੇ ਸਭ ਤੋਂ ਵੱਧ ਦੌੜਾਂ ਬਣਾਈਆਂ। ਇੰਗਲੈਂਡ ਲਈ ਸਟੋਨਹਾਊਸ, ਸਕ੍ਰਿਵੇਨਜ ਅਤੇ ਬੇਕਰ ਨੇ ਇਕ-ਇਕ ਵਿਕਟ ਲਈ।

ਇਸ ਤੋਂ ਪਹਿਲਾਂ ਭਾਰਤੀ ਗੇਂਦਬਾਜਾਂ ਦੇ ਸ਼ਾਨਦਾਰ ਪ੍ਰਦਰਸਨ ਦੀ ਬਦੌਲਤ ਇੰਗਲੈਂਡ ਦੀ ਟੀਮ ਖਿਤਾਬੀ ਮੈਚ ਵਿਚ 17.1 ਓਵਰਾਂ ਵਿਚ 68 ਦੌੜਾਂ 'ਤੇ ਆਲ ਆਊਟ ਹੋ ਗਈ। ਜਿਸ ਵਿੱਚ ਰਿਆਨ ਮੈਕਡੋਨਲਡ 19 ਦੌੜਾਂ ਬਣਾ ਕੇ ਆਪਣੀ ਟੀਮ ਵੱਲੋਂ ਸਭ ਤੋਂ ਵੱਧ ਸਕੋਰਰ ਰਹੀ। ਭਾਰਤ ਲਈ ਤਿਤਾਸ ਸੰਧੂ, ਅਰਚਨਾ ਦੇਵੀ ਅਤੇ ਪਾਰਸ਼ਵੀ ਚੋਪੜਾ ਨੇ ਦੋ-ਦੋ ਵਿਕਟਾਂ ਲਈਆਂ। ਜਦਕਿ ਸ਼ੇਫਾਲੀ ਵਰਮਾ, ਮੰਨਤ ਕਸ਼ਯਪ ਅਤੇ ਸੋਨਮ ਯਾਦਵ ਨੇ ਇਕ-ਇਕ ਵਿਕਟ ਲਈ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

OURR HOME & APPLIANCES
OPEN BOX & BRAND NEW UNITS AVAILABLE IN ALL BRANDS
NEW YEAR SPECIAL DEALS
PRICE $4599
KitchenAid moffat MAYTAG LG Electrolux JENNAIR BOSCH Whirlpool SAMSUNG
UNIT #1, 241 CLARENCE, ST BRAMPTON, ON L6W3E7, (416) 551 3343
44 FASKEN DR. #2-9 ETOBICKOKE, ON M9W 5M8, (416) 792-0877
UNIT #6 410 LEWIS ROAD, STONEY CREEK, ON L8E 5Y7, (905) 643 0818
UNIT #4- 1540 FANSHAWE PARK ROAD WEST
5781 HIGHWAY 7 UNIT 10, VAUGHAN, ON L4L 178, (416) 477 5556
1050 SPEERS ROAD, OAKVILLE, ON, L6L 2X4, (416) 613 0555
416-551-5553 WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axcel InsuranceBrokers Ltd. 1332 Khalsa Dr, Unit # 11, Mississauga, ON L5S 0A2

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types, Walkie pallet Low Lift, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਪੇਰੂ ਵਿਚ ਬੱਸ ਖੱਡ ਵਿਚ ਡਿੱਗਣ ਕਾਰਨ 24 ਲੋਕਾਂ ਦੀ ਮੌਤ



ਲੀਮਾ, 29 ਜਨਵਰੀ (ਪੋਸਟ ਬਿਊਰੋ)- ਉੱਤਰੀ-ਪੱਛਮੀ ਪੇਰੂ ’ਚ ਸ਼ਨੀਵਾਰ ਨੂੰ ਇਕ ਭਿਆਨਕ ਬੱਸ ਹਾਦਸੇ ’ਚ 24 ਲੋਕਾਂ ਦੀ ਮੌਤ ਹੋ ਗਈ। ਇੱਥੇ ਉੱਤਰੀ-ਪੱਛਮੀ ਪੇਰੂ ਵਿਚ 60 ਯਾਤਰੀਆਂ ਨੂੰ ਲੈ ਕੇ ਜਾ ਰਹੀ ਇੱਕ ਬੱਸ ਇੱਕ ਚੱਟਾਨ ਤੋਂ ਹੇਠਾਂ ਡਿੱਗ ਗਈ, ਜਿਸ ਕਾਰਨ ਇਹ ਹਾਦਸਾ ਵਾਪਰ ਗਿਆ।ਪੁਲਿਸ ਮੁਤਾਬਕ ਕੋਰਿਅੰਕਾ ਟੂਰ ਕੰਪਨੀ ਦੀ ਬੱਸ ਲੀਮਾ ਤੋਂ ਰਵਾਨਾ ਹੋ ਕੇ ਇਕਵਾਡੋਰ ਦੀ ਸਰਹੱਦ ‘ਤੇ ਤੁੰਬੇਸ ਜਾ ਰਹੀ ਸੀ ਤਾਂ ਨੇੜੇ ਸੜਕ ਤੋਂ ਤਿਲਕ ਗਈ। ਇਸ ਘਟਨਾ ਵਿੱਚ ਬੱਸ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਬੱਸ ਵਿੱਚ ਸਵਾਰ 24 ਲੋਕਾਂ ਦੀ ਮੌਤ ਹੋ ਗਈ। ਜਖਮੀਆਂ ਨੂੰ ਇਲਾਜ ਲਈ ਹਸਪਤਾਲ ‘ਚ ਭਰਤੀ ਕਰਵਾਇਆ ਗਿਆ ਹੈ।

ਮੌਕੇ ’ਤੇ ਮੌਜੂਦ ਪੁਲਿਸ ਨੇ ਸਥਾਨਕ ਮੀਡੀਆ ਨੂੰ ਦੱਸਿਆ ਕਿ ਹਾਦਸਾ “ਡੈਵਿਲਜ ਕਰਵ“ ਨੇੜੇ ਵਾਪਰਿਆ। ਇਹ ਥਾਂ ਦੁਰਘਟਨਾ ਵਾਲਾ ਖੇਤਰ ਹੈ। ਹਾਲਾਂਕਿ ਪੁਲਿਸ ਅਧਿਕਾਰੀ ਨੇ ਕਿਹਾ ਕਿ ਘਟਨਾ ਦੇ ਕਾਰਨਾਂ ਦੀ ਜਾਂਚ ਦੇ ਆਦੇਸ ਦੇ ਦਿੱਤੇ ਗਏ ਹਨ। ਅਸਲ ਕਾਰਨ ਜਾਂਚ ਤੋਂ ਬਾਅਦ ਹੀ ਪਤਾ ਲੱਗੇਗਾ।

ਲੀਮਾ ਦੇ ਉੱਤਰ ਵਿੱਚ ਲਗਭਗ 1,000 ਕਿਲੋਮੀਟਰ (620 ਮੀਲ) ਦੂਰ, ਐਲ ਆਲਟੋ ਅਤੇ ਮਾਨਕੋਰਾ ਦੇ ਪ੍ਰਸਿੱਧ ਰਿਜੋਰਟਾਂ ਵਿਚ ਅਣਪਛਾਤੇ ਜਖਮੀ ਯਾਤਰੀਆਂ ਨੂੰ ਹਸਪਤਾਲਾਂ ਵਿੱਚ ਲਿਜਾਇਆ ਗਿਆ। ਪੁਲਸ ਨੇ ਦੱਸਿਆ ਕਿ ਹਾਦਸੇ ’ਚ ਮਾਰੇ ਗਏ ਕੁਝ ਲੋਕ ਹੈਤੀ ਦੇ ਰਹਿਣ ਵਾਲੇ ਸਨ। ਪੇਰੂ ਵਿੱਚ ਹੈਤੀਆਈ ਪ੍ਰਵਾਸੀਆਂ ਦੀ ਗਿਣਤੀ ਵੱਧ ਰਹੀ ਹੈ, ਹਾਲਾਂਕਿ ਬੱਸ ਵਿੱਚ ਸਵਾਰ ਲੋਕਾਂ ਦੀ ਸਥਿਤੀ ਅਸਪੱਸ਼ਟ ਹੈ।

# ਪਾਕਿਸਤਾਨ ਦੇ ਬਲੋਚਿਸਤਾਨ ’ਚ ਖੱਡ ’ਚ ਡਿੱਗੀ ਬੱਸ, 42 ਮੌਤਾਂ



ਇਸਲਾਮਾਬਾਦ, 29 ਜਨਵਰੀ (ਪੋਸਟ ਬਿਊਰੋ)- ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ’ਚ ਐਤਵਾਰ ਨੂੰ ਇਕ ਵੱਡਾ ਹਾਦਸਾ ਵਾਪਰ ਗਿਆ। ਇਸ ਹਾਦਸੇ ’ਚ ਬੱਸ ਖੱਡ ’ਚ ਡਿੱਗਣ ਕਾਰਨ 42 ਲੋਕਾਂ ਦੀ ਮੌਤ ਹੋ ਗਈ ਹੈ। ਇਹ ਹਾਦਸਾ ਬਲੋਚਿ-ਸਤਾਨ ਸੂਬੇ ਦੇ ਲਾਸਬੇਲਾ ਨੇੜੇ ਵਾਪ-ਰਿਆ। ਹਾਦਸੇ ਦੀ ਸੂਚਨਾ ਮਿਲਣ ਤੋਂ ਬਾਅਦ ਮੌਕੇ ’ਤੇ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਗਏ। ਰਾਹਤ ਅਤੇ ਬਚਾਅ ਟੀਮ ਮੁਤਾਬਿਕ ਬੱਸ ਖਾਈ ’ਚ ਡਿਗ ਗਈ ਅਤੇ ਉਸ ’ਚ ਕੁੱਲ 48 ਯਾਤਰੀ ਸਵਾਰ ਸਨ। ਇਹ ਬੱਸ ਕਵੇਟਾ ਤੋਂ ਕਰਾਚੀ ਜਾ ਰਹੀ ਸੀ। ਇਹ ਹਾਦਸਾ ਬੱਸ ਦੇ ਪੁਲ ’ਤੇ ਖੜ੍ਹੇ ਖੰਭੇ ਨਾਲ ਟਕਰਾਉਣ ਕਾਰਨ ਵਾਪਰਿਆ। ਬੱਸ ਖੰਭੇ ਨਾਲ ਟਕਰਾਉਣ ਤੋਂ ਬਾਅਦ ਖਾਈ ਵਿਚ ਡਿਗ ਗਈ ਅਤੇ ਅੱਗ ਲੱਗ ਗਈ।

ਲਾਸਬੇਲਾ ਦੇ ਸਹਾਇਕ ਕਮਿਸ਼ਨਰ ਹਮਜਾ ਅੰਜੁਮ ਨੇ ਦੱਸਿਆ ਕਿ ਘਟਨਾ ਵਾਲੀ ਥਾਂ ਤੋਂ ਹੁਣ ਤੱਕ 42 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਹਾਦਸੇ ਤੋਂ ਬਾਅਦ ਬੱਸ ’ਚ ਸਵਾਰ ਇਕ ਔਰਤ ਸਮੇਤ 3 ਲੋਕਾਂ ਦਾ ਬਚਾਅ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਹਾਦਸੇ ਵਿੱਚ ਮਰਨ ਵਾਲਿਆਂ ਦੀ ਗਿਣਤੀ ਵਧ ਸਕਦੀ ਹੈ।

ਅੰਜੁਮ ਨੇ ਦੱਸਿਆ ਕਿ ਲਾਸ਼ਾਂ ਦੀ ਸ਼ਨਾਖਤ ਕਰਨਾ ਮੁਸ਼ਕਲ ਹੈ ਇਸ ਲਈ ਮ੍ਰਿਤਕਾਂ ਦੀ ਪਛਾਣ ਲਈ ਡੀਐਨਏ ਟੈਸਟ ਕਰਵਾਇਆ ਜਾਵੇਗਾ। ਅਧਿਕਾਰੀਆਂ ਮੁਤਾਬਕ ਪੁਲਸ ਅਤੇ ਬਚਾਅ ਅਧਿਕਾਰੀ ਲਾਸ਼ਾਂ ਨੂੰ ਬਾਹਰ ਕੱਢ ਕੇ ਨੇੜੇ ਦੇ ਹਸਪਤਾਲਾਂ ’ਚ ਪਹੁੰਚਾਉਣ ’ਚ ਲੱਗੇ ਹੋਏ ਹਨ। ਗ੍ਰਹਿ ਮੰਤਰੀ ਰਾਣਾ ਸਨਾਉੱਲਾ ਨੇ ਹਾਦਸੇ ’ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਅਤੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

## ਅੱਜ ਨਾਮਾ

ਟੈਨਸ਼ਨ ਉਂਜ ਨਹੀਂ ਘੱਟ ਪੰਜਾਬ ਅੰਦਰ,
ਵਾਧਾ ਕੈਦੀ ਇੱਕ ਆਣ ਕੇ ਕਰਨ ਲੱਗਾ।
ਖੇਡਾਂ ਵੇਖੀਆਂ ਉਸ ਦੀਆਂ ਵਧਣ ਪਈਆਂ,
ਗੁੱਸਾ ਵਿਰੋਧੀਆਂ ਅੰਦਰ ਵੀ ਭਰਨ ਲੱਗਾ।
ਦੁਵੱਲਾ ਜਿੱਦਾਂ ਮਾਹੌਲ ਜਿਹਾ ਬਣਨ ਲੱਗਾ,
ਆਦਮੀ ਆਮ ਫਿਰ ਜਾਪਦਾ ਡਰਨ ਲੱਗਾ।
ਚੁੱਪ ਜਿਹੀ ਵੱਟੀ ਕਾਨੂੰਨਾਂ ਦੇ ਰਾਖਿਆਂ ਨੇ,
ਘੇਸਲ ਵੱਟਿਆਂ ਬੁੱਤਾ ਨਹੀਂ ਸਰਨ ਲੱਗਾ।
ਚੜ੍ਹ ਗਿਆ ਕਿਤੇ ਜੇ ਭਲਕ ਨੂੰ ਚੰਦ ਕੋਈ,
ਸੰਭਾਲੀ ਜਾਣੀ ਨਾ ਕਿਸੇ ਤੋਂ ਗੱਲ ਮੁੜ ਕੇ।
ਕੱਢਣਾ ਹੋਵੇ ਤਾਂ ਕੱਢ ਲਉ ਵਕਤ ਰਹਿੰਦੇ,
ਲੱਭਿਆ ਜਾਣਾ ਨਾ ਕੋਈ ਵੀ ਹੱਲ ਮੁੜ ਕੇ।

**ਤੀਸ ਮਾਰ ਖਾਂ**

# ਅਮਰੀਕਾ ਵਿੱਚ ਸੱਤ ਮਜ਼ਦੂਰਾਂ ਦੀ ਹੱਤਿਆ ਦੇ ਦੋਸ਼ੀ ਨੇ ਦਾ ਕਬੂਲਨਾਮਾ, ਕਿਹਾ ‘ਮੈਂ ਮਾਨਸਿਕ ਬਿਮਾਰੀ ਤੋਂ ਪੀੜਤ’



ਲਾਸ ਏਂਜਲਸ, 29 ਜਨਵਰੀ (ਪੋਸਟ ਬਿਊਰੋ)- ਕੈਲੀਫੋਰਨੀਆ ਵਿੱਚ ਸੱਤ ਸਾਥੀ ਖੇਤ ਮਜਦੂਰਾਂ ਦੀ ਹੱਤਿਆ ਦੇ ਦੋਸ਼ੀ ਇਕ ਵਿਅਕਤੀ ਨੇ ਵੀਰਵਾਰ ਨੂੰ ਇਕ ਅਮਰੀਕੀ ਰਿਪੋਰਟਰ ਨੂੰ ਦੱਸਿਆ ਕਿ ਉਹ ਦੋਸ਼ੀ ਹੈ। ਉਸ ਨੇ ਕਿਹਾ, ਲੱਗਦਾ ਹੈ ਕਿ ਉਹ ਮਾਨਸਿਕ ਰੋਗ ਤੋਂ ਪੀੜਿਤ ਹੈ। ਰਿਪੋਰਟਰ ਨੇ ਦੱਸਿਆ ਕਿ ਝਾਓ ਚੁਨਲੀ ਨਾਲ ਕਈ ਸਾਲਾਂ ਤੋਂ ਧੱਕੇਸ਼ਾਹੀ ਕੀਤੀ ਗਈ ਅਤੇ ਜ਼ਿਆਦਾ ਕੰਮ ਕਰਵਾਇਆ ਗਿਆ, ਪਰ ਉਸ ਦੀਆਂ ਸ਼ਿਕਾਇਤਾਂ ’ਤੇ ਕਦੇ ਧਿਆਨ ਨਹੀਂ ਦਿੱਤਾ ਗਿਆ।

ਵੈਂਗ ਨੇ ਜੇਲ੍ਹ ਵਿੱਚ ਸ਼ੱਕੀ ਵਿਅਕਤੀ ਨਾਲ ਮੁਲਾਕਾਤ ਕੀਤੀ ਅਤੇ ਮੈਂਡਰਿਨ ਵਿੱਚ ਕਰੀਬ 15 ਮਿੰਟ ਤੱਕ ਉਸ ਨਾਲ ਗੱਲ ਕੀਤੀ। 66 ਸਾਲਾ ਝਾਓ ਨੂੰ ਸੈਨ ਫਰਾਂਸਿਸਕੋ ਦੇ ਦੱਖਣ ‘ਚ ਹਾਫ ਮੂਨ ਬੇਅ ’ਚ ਖੇਤਾਂ ’ਚ ਸੱਤ ਲੋਕਾਂ ਦੀ ਗੋਲੀ ਮਾਰ ਕੇ ਹੱਤਿਆ ਕਰਨ ਤੋਂ ਕਈ ਘੰਟੇ ਬਾਅਦ ਗ੍ਰਿਫਤਾਰ ਕੀਤਾ ਗਿਆ ਸੀ। ਪੰਜ ਦੀ ਪਛਾਣ ਚੀਨੀ ਅਤੇ ਦੋ ਹੋਰ ਮੈਕਸੀਕਨ ਵਜੋਂ ਹੋਈ ਹੈ। ਹਮਲੇ ਵਿਚ ਬਚੇ ਇਕ ਮੈਕਸੀਕਨ ਵਿਅਕਤੀ ਦਾ ਸਥਾਨਕ ਹਸਪਤਾਲ ਵਿੱਚ ਇਲਾਜ ਕੀਤਾ ਜਾ ਰਿਹਾ ਹੈ। ਪੱਤਰਕਾਰ ਨੇ ਦੱਸਿਆ ਕਿ ਝਾਓ ਨੇ ਸਵੀਕਾਰ ਕਰ ਲਿਆ ਹੈ ਕਿ ਉਸਨੇ ਅਜਿਹਾ ਕੀਤਾ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ ‘ਨਾਂਹ’,
ਅਸੀਂ ਕਰਾਂਗੇ ‘ਹਾਂ’
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਲੋੜ ਪਈ ਤੋਂ ਵਰਤਿਆ ਜਾਣ ਵਾਲਾ ਦਸਤਾਵੇਜ਼ ਬਣ ਗਿਐ ਭਾਰਤ ਦਾ ਸੰਵਿਧਾਨ

ਜਤਿੰਦਰ ਪਨੂੰ ਦੀ ਕਲਮ ਤੋਂ

ਆਪਣੀ ਆਜ਼ਾਦੀ ਦੀ ਪੌਣੀ ਸਦੀ ਹੰਢਾ ਚੁੱਕਾ, ਪਰ ਹਾਲੇ ਤੱਕ ਥੁੜ੍ਹਾਂ ਮਾਰੇ ਲੋਕਾਂ ਲਈ ਉੱਠਦੇ ਸਵਾਲਾਂ ਦੇ ਹੱਲ ਪੇਸ਼ ਕਰਨ ਜੋਗਾ ਸਾਬਤ ਨਹੀਂ ਹੋਇਆਭਾਰਤਪਿਛਲੇ ਹਫਤੇ ਗਣਤੰਤਰ ਵਜੋਂ ਚੁਹੱਤਰਵੇਂ ਸਾਲ ਵਿੱਚ ਦਾਖ਼ਲ ਹੋ ਗਿਆ ਹੈ। ਇਸ ਮੌਕੇ ਸਵਾਲਾਂ ਦੀ ਲੜੀ ਹੋਰ ਲੰਮੀ ਹੋ ਗਈ ਹੈ ਤੇ ਵਿਵਾਦਾਂ ਦੀ ਵੀ। ਵਿਵਾਦ ਇਸ ਦੇਸ਼ ਦੀ ਸਰਕਾਰ ਬਾਰੇ ਵੀ ਚੋਖੇ ਉੱਠਦੇ ਹਨ, ਰਾਜਾਂ ਵਿਚਲੀਆਂ ਸਰਕਾਰਾਂ ਬਾਰੇ ਵੀ ਅਤੇ ਹੋਰ ਸਾਰਿਆਂ ਦੇ ਨਾਲ ਅਦਾਲਤੀ ਪ੍ਰਬੰਧ ਦੇ ਨੁਕਸਾਂ ਬਾਰੇ ਵੀ ਉਠਾਏ ਜਾਣ ਲੱਗ ਪਏ ਹਨ, ਪਰ ਦੇਸ਼ ਦੀ ਰਾਜਨੀਤੀ ਦੇ ਸਾਰੇ ਮੁੱਦਿਆਂ ਤੋਂ ਵੱਡਾ ਮੁੱਦਾ ਆਮ ਲੋਕਾਂ ਦੇ ਜੀਵਨ ਵਿੱਚ ਸੁਧਾਰ ਹੋਣ ਜਾਂ ਨਾ ਹੋਣ ਦਾ ਹੈ। ਕੁਝ ਸਾਲ ਪਹਿਲਾਂ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਹ ਐਲਾਨ ਕੀਤਾ ਸੀ ਕਿ ਹਰ ਕਿਸਾਨ ਪਰਵਾਰ ਨੂੰ ਸਾਲ ਦੇ ਛੇ ਹਜ਼ਾਰ ਰੁਪਏ ਅਤੇ ਹਰ ਤਿਮਾਹੀ ਦੋ ਹਜ਼ਾਰ ਰੁਪਏ ਦਿੱਤੇ ਜਾਣਗੇ ਤਾਂ ਬਹੁਤ ਸਾਰੇ ਲੋਕ ਆਖਦੇ ਸਨ ਕਿ ਏਨੇ ਪੈਸਿਆਂ ਦੀ ਪੇਸ਼ਕਸ਼ ਕਰ ਕੇ ਕਿਸਾਨਾਂ ਨਾਲ ਮਜ਼ਾਕ ਕੀਤਾ ਗਿਆ ਹੈ। ਉਹ ਆਖਦੇ ਸਨ ਕਿ ਏਨੇ ਕੁ ਪੈਸਿਆਂ ਪਿੱਛੇ ਕਿਸਾਨ ਭਲਾ ਕਿਸੇ ਸਰਕਾਰ ਨੂੰ ਵੋਟ ਪਾਉਣ ਕਿਉਂ ਜਾਵੇਗਾ! ਸਾਹਮਣੇ ਆਏ ਤਾਜ਼ਾ ਅੰਕੜਿਆਂ ਨੇ ਇਹ ਸ਼ਰਮਨਾਕ ਸਥਿਤੀ ਜ਼ਾਹਰ ਕਰ ਦਿੱਤੀ ਹੈ ਕਿ ਕੁਝ ਰਾਜਾਂ ਵਿੱਚ ਤਿੰਨ ਮਹੀਨਿਆਂ ਪਿੱਛੋਂ ਮਿਲੇ ਦੋ ਹਜ਼ਾਰ ਰੁਪਏ ਵੀ ਕੁਝ ਕਿਸਾਨ ਪਰਵਾਰਾਂ ਦੇ ਲੋਕਾਂ ਲਈਕਿੰਨੀ ਵੱਡੀ ਰਕਮ ਅਤੇ ਕਿਸ ਕਾਰਨ 'ਵੱਡੀ ਰਕਮ' ਕਹੀ ਜਾ ਸਕਦੀ ਹੈ!

ਅੰਕੜੇ ਦੱਸਦੇ ਹਨ ਕਿ ਮੇਘਾਲਿਆ ਦੇ ਕਿਸਾਨ ਪਰਵਾਰ ਦੀ ਔਸਤ ਆਮਦਨ ਭਾਰਤ ਵਿੱਚ ਸਭ ਤੋਂ ਵੱਧ ਉਨੱਤੀ ਹਜ਼ਾਰ ਰੁਪਏ ਤੋਂ ਕੁਝ ਉੱਪਰ ਹੈ। ਦੂਸਰੇ ਨੰਬਰ ਵਾਲੇ ਪੰਜਾਬ ਦੇ ਕਿਸਾਨ ਪਰਵਾਰਾਂ ਦੀ ਔਸਤ ਆਮਦਨ ਛੱਬੀ ਹਜ਼ਾਰ ਸੱਤ ਸੌ ਰੁਪਏ ਤੇ ਤੀਸਰੇ ਥਾਂ ਹਰਿਆਣੇ ਦੇ ਕਿਸਾਨ ਪਰਵਾਰ ਬਾਈ ਹਜ਼ਾਰ ਅੱਠ ਸੌ ਤੋਂ ਕੁਝ ਉੱਪਰ ਹਨ। ਚੌਥਾ ਨੰਬਰ ਰਾਜਸਥਾਨ ਦੇ ਕਿਸਾਨ ਪਰਵਾਰ ਹੈ, ਜਿਹੜਾਹਰਿਆਣੇ ਦੇ ਅੱਧ ਲਾਗੇ ਮਸਾਂ ਸਾਢੇਬਾਰਾਂ ਹਜ਼ਾਰ ਰੁਪਏ ਸਾਲਾਨਾ ਟੱਪਦਾ ਹੈ, ਪਰ ਸਭ ਤੋਂ ਮਾੜੀ ਹਾਲਤ ਵਾਲੇ ਝਾਰਖੰਡ ਦੇ ਕਿਸਾਨ ਪਰਵਾਰਾਂ ਦੀ ਆਮਦਨ ਉਨੰਜਾ ਸੌ ਰੁਪਏ ਤੋਂ ਘੱਟ ਹੈ।ਉਸ ਤੋਂ ਕੁਝ ਉੱਪਰ ਉੜੀਸਾ ਦੇ ਕਿਸਾਨ ਪਰਵਾਰ ਦੀ ਸਾਲਾਨਾ ਆਮਦਨ ਮਸਾਂ ਇਕਵੰਜਾ ਸੌ ਰੁਪਏ ਹੈ ਤੇ ਮਮਤਾ ਬੈਨਰਜੀ ਦੇ ਪੱਛਮੀ ਬੰਗਾਲ ਦੇ ਕਿਸਾਨ ਪਰਵਾਰਾਂ ਦੀ ਸਾਲਾਨਾ ਆਮਦਨ ਪੌਣੇ ਸੱਤ ਹਜ਼ਾਰ ਤੇ ਬਿਹਾਰ ਵਿੱਚ ਸਾਢੇ ਸੱਤ ਹਜ਼ਾਰ ਤੋਂ ਮਸਾਂ ਟੱਪਦੀ ਹੈ। ਬੇਸ਼ੱਕ ਨਰਿੰਦਰ ਮੋਦੀ ਨੇ ਪਹਿਲੀ ਵਾਰ ਪ੍ਰਧਾਨ ਮੰਤਰੀ ਬਣਦੇ ਵਕਤਆਖਿਆ ਸੀ ਕਿ ਸਾਲ ਦੋ ਹਜ਼ਾਰ ਬਾਈ ਤੱਕ ਕਿਸਾਨਾਂ ਦੀ ਆਮਦਨ ਦੁੱਗਣੀ ਕਰ ਦੇਣੀ ਹੈ, ਪਰ ਜਦੋਂਉਹ ਕਦੇ ਕੀਤੀ ਨਹੀਂ ਗਈਤਾਂ ਉਨੰਜਾ ਸੌ ਰੁਪਏ ਸਾਲਾਨਾ ਮਸਾਂ ਕਮਾਉਣ ਵਾਲੇ ਝਾਰਖੰਡ ਦੇ ਕਿਸਾਨ ਪਰਵਾਰਾਂ ਨੂੰ ਛੇ ਹਜ਼ਾਰ ਰੁਪਏ ਹਰ ਤਿਮਾਹੀ ਪਿੱਛੋਂ ਮਿਲੇ ਵੀ ਉਨ੍ਹਾਂ ਨੂੰ 'ਛੱਤ ਪਾੜ ਕੇ ਮਿ-ਲਿਆ ਖਜ਼ਾਨਾ' ਜਾਪਦੇ ਹੋਣਗੇ। ਜਦੋਂ ਭਾਰਤ ਦੇ ਸਿਆਸੀ ਆਗੂਆਂ ਨੂੰ ਇਹਪਤਾ ਹੈ ਕਿ ਏਨਾ ਕੁ ਚੋਗਾ ਸੁੱਟ ਕੇ ਵੀ ਵੋਟਾਂ ਮਿਲ ਜਾਂਦੀਆਂ ਹਨ ਤਾਂ ਉਹ ਕਿਸੇ ਦੀ ਹਾਲਾਤ ਸਚਮੁੱਚ ਸੁਧਾਰਨਗੇ ਵੀ ਕਿਉਂ!

ਦੂਸਰਾ ਸਵਾਲ ਇਸ ਦੇਸ਼ ਦੇ ਉਸ ਸੰਵਿਧਾਨ ਨਾਲ ਜੁੜਿਆ ਹੈ, ਜਿਸ ਦੇ ਚੁਹੱਤਰਵੇਂ ਸਾਲ ਵਿੱਚ ਦਾਖਲ ਹੋਣ ਦੀ ਖੁਸ਼ੀ ਵਿੱਚ ਹਰ ਸਾਲਵਾਂਗ ਇਸ ਵਾਰੀ ਗਣਤੰਤਰ ਦਿਵਸ ਮਨਾਇਆ ਗਿਆ ਹੈ। ਸੰਵਿਧਾਨ ਦੇ ਮੁੱਢ ਲਿਖਿਆ ਗਿਆ ਹੈ ਕਿ ਦੇਸ਼ ਦੇ ਹਰ ਨਾਗਰਿਕ ਨੂੰ ਆਪਣੀ ਪਸੰਦ ਦਾ ਧਰਮ ਮੰਨਣ ਤੇ ਆਪਣੀ ਮਰਜ਼ੀ ਮੁਤਾਬਕ ਪੂਜਾ ਕਰਨ ਦਾ ਪੂਰਾ ਹੱਕ ਹੋਵੇਗਾ ਅਤੇ ਵਿਚਾਰ ਪ੍ਰਗਟਾਉਣ ਦੀ ਆਜ਼ਾਦੀ ਹੋਵੇਗੀ। ਇਸ ਵਾਰੀ ਜਿਸ ਦਿਨ ਗਣਤੰਤਰ ਦਿਵਸ ਮਨਾਇਆ ਜਾ ਰਿਹਾ ਸੀ, ਭਾਰਤ ਵਿੱਚ ਦੋ ਵਿਵਾਦਤ ਫਿਲਮਾਂ ਦੀ ਚਰਚਾ ਚੱਲ ਰਹੀ ਸੀ। ਇੱਕ ਫਿਲਮ ਗੁਜਰਾਤ ਵਿੱਚ ਹੋਏ ਦੰਗਿਆਂ ਦੇ ਵੀਹ ਸਾਲ ਪੁਰਾਣੇ ਹਾਲਾਤ ਬਾਰੇ ਤੇ ਦੂਸਰੀ ਮਹਾਤਮਾ ਗਾਂਧੀ ਨੂੰ ਨਾਥੂਰਾਮ ਗੌਡਸੇ ਵੱਲੋਂ ਕਤਲ ਕਰਨ ਦਾ ਕਿੱਸਾ ਪੇਸ਼ ਕਰਦੀ ਸੀ। ਗੁਜਰਾਤ ਦੇ ਦੰਗਿਆਂ ਵਾਲੀ ਫਿਲਮ ਉੱਤੇ ਪਾਬੰਦੀਆਂ ਲਾਉਣ ਦੇ ਹੁਕਮ ਹੋ ਗਏ ਤੇ ਇਸ ਨੂੰ ਜਿਸ ਕਿਸੇ ਸੰਸਥਾ ਜਾਂ ਸੰਗਠਨ ਨੇ ਵੇਖਣ-ਵਿਖਾਉਣ ਦਾ ਫੈਸਲਾ ਕੀਤਾ, ਉਸ ਵਿਰੁੱਧ ਸਖਤੀ ਦੀਆਂ ਖਬਰਾਂ ਨੇ ਦੇਸ਼ ਦੇ ਅਖਬਾਰਾਂ ਤੇ ਖਬਰੀਆ ਚੈਨਲਾਂ ਦੀਆਂ ਸਕਰੀਨਾਂ ਢੱਕ ਲਈਆਂ। ਦੂਸਰੇ ਪਾਸੇ ਜਿਸ ਮਹਾਤਮ ਗਾਂਧੀ ਨੂੰ 'ਰਾਸ਼ਟਰ ਪਿਤਾ' ਕਹਿ ਕੇ ਵਡਿਆਇਆ ਜਾਂਦਾ ਹੈ, ਉਸ ਦਾ ਕਤਲ ਫਿਰਕੂ ਮਾਨਸਿਕਤਾ ਵਾਲੇ ਨੱਥੂਰਾਮ ਗੌਡਸੇ ਵੱਲੋਂ ਕਰਨਦੇ ਵਿਚਾਰ ਉੱਤੇ ਬਣਾਈਫਿਲਮ ਨੂੰ ਸਰਕਾਰ ਪੱਖੀ ਧਿਰਾਂ ਨੇ ਉਛਾਲਣਾ ਆਰੰਭ ਕਰ ਦਿੱਤਾ, ਆਮ ਲੋਕਾਂ ਨੇ ਉਸ ਦਾ ਕੋਈ ਹੁੰਗਾਰਾ ਹੀ ਨਹੀਂ ਭਰਿਆ। ਵੱਖ-ਵੱਖ ਸੋਚ-ਧਾਰਾ ਵਾਲੀਆਂ ਇਨ੍ਹਾਂ ਦੋ ਫਿਲਮਾਂ ਬਾਰੇ ਭਾਰਤ ਸਰਕਾਰ ਦੀ ਦੋਹਰੀ ਨੀਤੀ ਦੇ ਕਾਰਨ ਭਾਰਤ ਦੇ ਹਰ ਕਿਸੇ ਨਾਗਰਿਕ ਨੂੰ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਦਾ ਐਲਾਨ ਰੁਲ ਕੇ ਰਹਿ ਗਿਆ ਤੇ ਸੰਵਿਧਾਨ ਦੀ ਵਰ੍ਹੇਗੰਢ ਵਾਲੇ ਦਿਨ ਹੀ ਉਸ ਦੀ ਮੁੱਢਲੀ ਸਿੱਖਿਆ ਅਤੇ ਗਾਰੰਟੀ ਦੇ ਉਲਟ ਵਹਿਣ ਚੱਲਦਾ ਜਾਪਣ ਲੱਗ ਪਿਆ।

ਜਦੋਂ ਦੇਸ਼ ਅਤੇ ਰਾਜਾਂ ਦੀਆਂ ਸਰਕਾਰਾਂ ਆਪੋ-ਆਪਣੇ ਥਾਂ ਲੋਕਾਂ ਦੀਆਂ ਮਜਬੂਰੀਆਂ ਦਾ ਲਾਭ ਲੈਣ ਤੇ ਲੋਕ ਸਭਾ ਦੀ ਅਗਲੀ ਚੋਣ ਜਿੱਤਣ ਲਈ ਦਾਅ ਖੇਡਣ ਲਈ ਲੱਗੀਆਂ ਪਈਆਂ ਹਨ, ਓਦੋਂਆਮ ਲੋਕਾਂ ਵਿੱਚੋਂ ਕੁਝਨੇ ਇਹੋ ਦੀਆਂ ਮਿਸਾਲਾਂ ਪੇਸ਼ ਕੀਤੀਆਂ ਹਨ, ਜਿਨ੍ਹਾਂ ਦੀ ਹਰ ਪਾਸੇ ਚਰਚਾ ਹੁੰਦੀ ਹੈ ਤੇ ਹੋਣੀ ਵੀ ਚਾਹੀਦੀ ਹੈ। ਮਿਸਾਲ ਵਜੋਂ ਨਵਾਂ ਸ਼ਹਿਰ ਦੇ ਕੁਝ ਸੱਜਣਾਂ ਨੇ ਕੁਝ ਸਾਲ ਪਹਿਲਾਂ ਇੱਕ ਭੂਤਾਂ ਦਾ ਵਾੜਾ ਸਮਝੀ ਜਾਂਦੀ ਥਾਂ ਉੱਤੇ ਇੱਕ ਬਲੱਡ ਬੈਂਕ ਖੋਲ੍ਹਿਆ ਸੀ ਤੇ ਸਾਰਿਆਂ ਨੇ ਪੱਲਿਉਂ ਪੈਸੇ ਪਾ-ਪਾ ਕੇ ਉਸ ਨੂੰ ਏਨਾ ਅੱਗੇ ਵਧਾਇਆ ਕਿ ਉਸ ਤੋਂ ਮੁਫਤ ਵਰਗੇ ਰੇਟਾਂ ਉੱਤੇ ਮਿਲਦੀਆਂ ਸੇਵਾਵਾਂ ਦਾ ਲਾਭ ਅੱਜ ਪੰਜਾਬ ਦੇ ਇੱਕ ਸੌ ਬਾਨਵੇਂ ਹਸਪਤਾਲ ਲੈ ਰਹੇ ਹਨ। ਬਲੱਡ ਬੈਂਕ ਨਾਲ ਜੁੜੇ ਢਾਈ ਸੌ ਤੋਂ ਵੱਧ ਲੋਕ ਮੋਟੀਵੇਟਰ ਦਾ ਕੰਮ ਪੱਲਿਉਂ ਖਰਚ ਕਰ ਕੇ ਕਰਦੇ ਹਨ ਤੇ ਵਿਦੇਸ਼ ਬੈਠੇ ਸੱਜਣ ਉਸ ਨੂੰ ਚੱਲਦਾ ਰੱਖਣ ਲਈ ਹਰ ਵਕਤ ਕੁਝ ਨਾ ਕੁਝ ਮਦਦ ਕਰਨ ਲੱਗੇ ਰਹਿੰਦੇ ਹਨ। ਖਰੜ ਦੇ ਜਸਪਾਲ ਸਿੰਘ ਮਾਨ ਦਾ ਪੁੱਤਰ ਹਾਦਸੇ ਦਾ ਸ਼ਿਕਾਰ ਹੋ ਜਾਣ ਪਿੱਛੋਂ ਉਹ ਸਾਰੇ ਪੰਜਾਬ ਦੇ ਬੱਚਿਆਂ ਨੂੰ ਸੜਕਾਂ ਦੇ ਮਾਰੂਪੁਣੇ ਤੋਂ ਸੁਚੇਤ ਕਰਨ ਦੇ ਕੰਮ ਲੱਗੇ ਹੋਏ ਹਨ ਤੇ ਪੱਲਿਉਂ ਖਰਚ ਕਰ ਕੇ ਇਹ ਨੇਕੀ ਦਾ ਕੰਮ ਕਰਦੇ ਹਨ। ਸ਼ਾਮ ਚੁਰਾਸੀ ਨੇੜੇ ਪਿੰਡ ਕੋਟਲੀ ਅਟਾਰੀਆਂ ਦੇ ਭੁਪਿੰਦਰ ਸਿੰਘ ਹੁੰਦਲ ਅਤੇ ਉਨ੍ਹਾਂ ਦੇ ਸਾਥੀਆਂ ਨੇ ਆਪਣੇ ਪਿੰਡ ਦੇ ਕਿਸਾਨਾਂ ਲਈ ਖੇਤੀ ਸਕੀਮਾਂ ਵਿੱਚ ਅਗਵਾਈ ਅਤੇ ਸਮੁੱਚੇ ਪਿੰਡ ਦੇ ਲੋਕਾਂ ਲਈ ਈ-ਕਲਿਨਿਕ ਚਲਾਉਣ ਸਮੇਤ ਕਈ ਉਪਰਾਲੇ ਸ਼ੁਰੂ ਕਰ ਕੇ ਆਪਣੀ ਕਮਾਈ ਦਾ ਦਸਵੰਧ ਇਸ ਪਾਸੇ ਲਾਇਆ ਹੋਇਆ ਤੇ ਹੋਰਾਂ ਨੂੰ ਇਸ ਰਾਹੇ ਤੁਰਨ ਨੂੰ ਪ੍ਰੇਰਿਆ ਹੈ। ਮਾਝੇ ਦੇ ਭਿਖੀਵਿੰਡ ਕੋਲ ਮਰਗਿੰਦਪੁਰਾ ਪਿੰਡ ਦੇ ਰਣਜੀਤ ਸਿੰਘ ਸੰਧੂ ਨੇ ਆਪਣੇ ਪੁੱਤਰ ਗੁਰਲਾਲ ਦੇ ਦੇਹਾਂਤ ਪਿੱਛੋਂ ਉਨ੍ਹਾਂ ਨੇ ਆਪਣਾ ਅੱਧ ਕਰੋੜ ਰੁਪਏ ਤੋਂ ਵੱਧ ਦੇ ਮੁੱਲ ਦਾ ਘਰ ਵੀ ਪੰਜਾਬ ਸਰਕਾਰ ਦਾ 'ਆਮ ਆਦਮੀ ਕਲਿਨਿਕ' ਖੋਲ੍ਹਣ ਲਈ ਦੇ ਦਿੱਤਾ ਹੈਅਤੇ ਭਲਾਈ ਦੇ ਕਈ ਹੋਰ ਕੰਮਾਂ ਵਿੱਚ ਹਰ ਤਰ੍ਹਾਂ ਮਦਦ ਕਰਨ ਦਾ ਨੇਕ ਕੰਮ ਕਰਦੇ ਰਹਿੰਦੇ ਅਤੇ ਹੋਰਨਾਂ ਨੂੰ ਇਸ ਲਈ ਪ੍ਰੇਰਨਾ ਦੇ ਰਹੇ ਹਨ।

ਗੱਲ ਜਿੱਥੋਂ ਸ਼ੁਰੂ ਕੀਤੀ ਗਈ, ਮੁੜ ਕੇ ਓਥੇ ਆ ਜਾਂਦੀ ਹੈ ਕਿ ਜਦੋਂ ਭਾਰਤ ਹਰ ਸਾਲ ਗਣਤੰਤਰ ਦਿਵਸ ਮਨਾ ਕੇ ਆਪਣੇ ਲੋਕਾਂ ਨੂੰ ਉਸ ਸੰਵਿਧਾਨ ਦੇ ਸਤਿਕਾਰ ਦਾ ਹੋਕਾ ਦਿੰਦਾ ਹੈ, ਜਿਸ ਵਿੱਚ ਆਪਣੀ ਮਰਜ਼ੀ ਦੇ ਧਰਮ ਨੂੰ ਮੰਨਣ ਅਤੇ ਆਪਣੇ ਵਿਚਾਰਾਂ ਦੇ ਪ੍ਰਗਟਾਵੇ ਦਾ ਹੱਕ ਲਿਖਿਆ ਹੈ ਤਾਂ ਅਮਲ ਵਿੱਚ ਹਾਲ ਕੀ ਹੈ! ਸੱਚਾਈ ਅੱਜ ਵੀ ਇਹ ਹੈ ਕਿ ਜਿਹੜੇ ਇਲਾਕੇ ਵਿੱਚ ਜਿਸ ਧਰਮ ਵਾਲਿਆਂ ਦੀ ਬਹੁ-ਗਿਣਤੀ ਜਾਂ ਧੱਕੜਸ਼ਾਹ ਰੁਖ ਕਾਰਨ ਦਬਦਬਾ ਹੈ, ਉਸ ਖੇਤਰ ਦੀ ਘੱਟ-ਗਿਣਤੀ ਵਾਲਿਆਂ ਨੂੰ ਦਬਾਇਆ ਜਾਣਾ ਆਮ ਜਿਹੀ ਗੱਲ ਹੈ। ਹਰ ਧਰਮ ਦੇ ਲੋਕ ਇੱਕ ਜਾਂ ਦੂਸਰੇ ਥਾਂ ਇਸ ਵਰਤਾਰੇ ਦਾ ਸ਼ਿਕਾਰ ਹੋ ਕੁ ਕੁੱਟ ਖਾਂਦੇ ਦਿੱਸ ਪੈਂਦੇ ਹਨ ਅਤੇ ਕਈ ਵਾਰੀ ਇੱਕੋ ਧਰਮ ਦੇ ਲੋਕ ਇੱਕ ਦੂਸਰੇ ਨੂੰ ਉਸ ਖਾਸ ਧਰਮ ਦੀ ਆਪਣੀ ਮਰਜ਼ੀ ਨਾਲ ਵਿਆਖਿਆ ਕਰ ਕੇ ਧਮਕਾਉਣ ਤੇ ਕੁੱਟਣ ਤੱਕ ਪਹੁੰਚ ਜਾਂਦੇ ਹਨ। ਅਸੀਂ ਲੋਕਾਂ ਨੇ ਗੁਰੂ ਅਰਜਨ ਦੇਵ ਜੀ ਦਾ ਉਪਦੇਸ਼ ਪੜ੍ਹਿਆ ਹੋਇਆ ਸੀ: 'ਸਭ ਸੁਖਾਲੀ ਵੁਠੀਆ, ਇਹੁ ਹੋਆ ਹਲੇਮੀ ਰਾਜੁ ਜੀਉ॥' ਭਾਰਤ ਦੇ ਸੰਤ ਅੱਜ ਹਲੇਮੀ ਰਾਜ ਦੀ ਗੱਲ ਕਰਨ ਦੀ ਥਾਂਇਸ ਤੋਂ ਉਲਟ ਲੋਕਾਂ ਨੂੰ ਇੱਕ-ਦੂਸਰੇ ਨਾਲ ਲੜਾਉਣ ਦਾ ਕੰਮ ਸਿਖਾਉਂਦੇ ਦਿੱਸਦੇ ਹਨ ਤੇ ਸੰਵਿਧਾਨ ਮੁਤਾਬਕ ਆਪੋ-ਆਪਣੀ ਮਰਜ਼ੀ ਮੁਤਾਬਕ ਧਰਮ ਨੂੰ ਮੰਨਣ ਤੇ ਮਰਜ਼ੀ ਮੁਤਾਬਕ ਪੂਜਾ ਕਰਨ ਦਾ ਹੱਕ ਕਿਸੇ ਨੂੰ ਦੇਣ ਦੀ ਥਾਂ ਧੌਂਸ ਨਾਲ ਆਪਣੀ ਗੱਲ ਮਨਾਉਣ ਦਾ ਰਾਹ ਫੜ ਰੱਖਿਆ ਹੈ। ਭਾਰਤ ਦਾ ਸੰਵਿਧਾਨ ਇਹ ਸਭ ਕੁਝ ਹੁੰਦਾ ਖੁਦ ਨਹੀਂ ਰੋਕ ਸਕਦਾ, ਜਿਨ੍ਹਾਂ ਦੀ ਜ਼ਿਮੇਵਾਰੀ ਏਦਾਂ ਹੋਣ ਤੋਂ ਰੋਕਣ ਅਤੇ ਦੇਸ਼ ਨੂੰ ਸੰਵਿਧਾਨ ਮੁਤਾਬਕ ਚਲਾਉਣ ਦੀ ਹੈ, ਉਹ ਖੁਦ ਕਿਧਰੇ ਇੱਕ ਤੇ ਕਿਸੇ ਥਾਂ ਦੂਸਰੇ ਧਰਮ ਦੀ ਕੱਟੜਪੰਥੀ ਧਿਰ ਨੂੰ ਚੋਣਾਂ ਦੀ ਰਾਜਨੀਤਕ ਲੋੜ ਲਈ ਵਰਤਣ ਦਾ ਕੰਮ ਕਰ ਕੇ ਖੁਸ਼ ਹੋ ਰਹੇ ਹਨ, ਪਰ ਸਾਲ ਮਗਰੋਂ ਸੰਵਿਧਾਨ ਦੀ ਚਰਚਾ ਕਰ ਛੱਡਦੇ ਹਨ।

ਜਿਵੇਂ ਭਾਰਤ ਦਾ ਸੰਵਿਧਾਨ ਲੋੜ ਵੇਲੇ ਚਰਚਾ ਕਰਨ ਜੋਗਾ ਦਸਤਾਵੇਜ਼ ਬਣ ਕੇ ਰਹਿ ਗਿਆ ਹੈ, ਏਦਾਂ ਹੀ ਭਾਰਤ ਦਾ ਗਣਤੰਤਰ ਵੀ ਸਾਲ ਬਾਅਦ ਪਰੇਡਾਂ ਅਤੇ ਝਾਕੀਆਂ ਤੱਕ ਸੀਮਤ ਹੁੰਦਾ ਜਾਂਦਾ ਹੈ। ਕੀ ਇਹ ਗੱਲ ਸੱਚ ਨਹੀਂ!



# ਪ੍ਰੀਖਿਆ ਦੀ ਤਿਆਰੀ ਲਈ ਠੋਸ ਯੋਜਨਾਬੰਦੀ ਅਤੇ ਸਵੈ ਅਨੁਸ਼ਾਸਨ ਜ਼ਰੂਰੀ

-ਡਾ. ਸਤਿੰਦਰ ਸਿੰਘ

ਪ੍ਰੀਖਿਆ ਦੌਰਾਨ ਵਿਦਿਆਰਥੀ ਵਰਗ ਵਿੱਚ ਤਨਾਅ ਦਿਨ-ਬ-ਦਿਨ ਵੱਧਦਾ ਜਾ ਰਿਹਾ ਹੈ ।ਪ੍ਰੀਖਿਆ ਨੂੰ ਤਨਾਅ ਮੁਕਤ ਕਰਨ ਲਈ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਚੰਗੀ ਪਹਿਲ ਕਰਦਿਆਂ 'ਪਰੀਕਸ਼ਾ ਪੇ ਚਰਚਾ' ਦੇ 6ਵੇ ਐਡੀਸ਼ਨ ਵਿੱਚ ਦੇਸ਼ ਦੇ ਵੱਖ-ਵੱਖ ਕੋਨਿਆਂ ਤੋਂ ਵੱਡੀ ਗਿਣਤੀ ਵਿੱਚ ਜੁੜੇ ਵਿਦਿਆਰਥੀਆਂ ਨਾਲ 02 ਘੰਟੇ ਤੋਂ ਵੱਧ ਸਮਾਂ ਚਰਚਾ ਕੀਤੀ ਅਤੇ ਮਹੱਤਵਪੂਰਨ ਸੁਝਾਅ ਵੀ ਦਿੱਤੇ। ਵਿਦਿਆਰਥੀਆਂ ਲਈ ਫਾਇਦੇਮੰਦ ਅਜਿਹੇ ਉਪਰਾਲੇ ਸਕੂਲ ਪੱਧਰ ਤੇ ਸਕੂਲ ਪ੍ਰਬੰਧਕਾਂ ਵੱਲੋਂ ਅਤੇ ਘਰੇਲੂ ਪੱਧਰ ਤੇ ਮਾਪਿਆਂ ਵੱਲੋਂ ਵੀ ਕੀਤੇ ਜਾਣ ਤਾਂ ਇਸ ਦੇ ਸਾਰਥਕ ਨਤੀਜੇ ਨਿਕਲ ਸਕਦੇ ਹਨ।

ਵਿਦਿਆਰਥੀਆਂ ਦੇ ਸਾਲਾਨਾ ਪ੍ਰੀਖਿਆਵਾਂ ਨਜ਼ਦੀਕ ਆਉਂਦਿਆਂ ਹੀ ਵਿਦਿਆਰਥੀ ਜਿਥੇ ਤਨਾਅ ਵਿੱਚ ਰਹਿਣ ਲਗਦੇ ਹਨ, ਉਥੇ ਘਰ ਦਾ ਸਮੁੱਚਾ ਮਾਹੌਲ ਵੀ ਬੱਚਿਆਂ ਦੀ ਪੜ੍ਹਾਈ ਉਪਰ ਕੇਂਦਰਿਤ ਹੋ ਜਾਂਦਾ ਹੈ। ਮਾਤਾ ਪਿਤਾ ਵੀ ਬੱਚੇ ਦੀ ਪੜ੍ਹਾਈ ਨੂੰ ਲੈ ਕੇ ਪ੍ਰੀਖਿਆ ਦੇ ਦਿਨਾਂ ਵਿੱਚ ਚਿੰਤਤ ਦਿਖਾਈ ਦਿੰਦੇ ਹਨ। ਮੌਜੂਦਾ ਸਮੇਂ ਵਿੱਚ ਹਰ ਮਾਂ-ਬਾਪ ਦੀ ਇੱਛਾ ਹੁੰਦੀ ਹੈ ਕਿ , ਉਨ੍ਹਾਂ ਦਾ ਬੱਚਾ ਪ੍ਰੀਖਿਆ ਵਿੱਚ ਵੱਧ ਤੋਂ ਵੱਧ ਅੰਕ ਲੈ ਕੇ ਪਾਸ ਹੋਵੇ। ਇਸ ਲਈ ਉਹ ਅਕਸਰ ਹੀ ਬੱਚੇ ਉੱਪਰ ਪੜ੍ਹਾਈ ਲਈ ਲੋੜ ਤੋਂ ਵੱਧ ਦਬਾਅ ਬਣਾਉਂਦੇ ਹਨ। ਸਕੂਲ ਪ੍ਰਬੰਧਕਾਂ ਵੱਲੋਂ ਵੀ ਚੰਗੇ ਨਤੀਜੇ ਦੇਣ ਲਈ ਬੱਚੇ ਉੱਪਰ ਹੀ ਦਬਾ ਬਣਾਇਆ ਜਾਂਦਾ ਹੈ ਤਾਂ ਜੋ ਮੈਰਿਟ ਵਿੱਚ ਆਏ ਵਿਦਿਆਰਥੀਆਂ ਨੂੰ ਇਸ਼ਤਿਹਾਰ ਦੀ ਸਮੱਗਰੀ ਬਣਾਇਆ ਜਾ ਸਕੇ।

ਸ਼ੋਸ਼ਲ ਮੀਡੀਆ ਉਪਰ ਪ੍ਰੀਖਿਆ ਵਿੱਚ ਵਧੀਆ ਅੰਕ ਦੀਆਂ ਪੋਸਟ ਅਤੇ ਹੁਸ਼ਿਆਰ ਵਿਦਿਆਰਥੀਆਂ ਨਾਲ ਤੁਲਨਾ ਕਰਨ ਵਰਗੇ ਹਲਾਤ ਵਿਦਿਆਰਥੀ ਉਪਰ ਪ੍ਰੀਖਿਆ ਦੇ ਦਿਨਾਂ ਵਿੱਚ ਤਣਾਅ ਗ੍ਰਸਤ ਮਾਹੌਲ ਪੈਦਾ ਕਰ ਦਿੰਦੇ ਹਨ। ਜਿਸ ਕਾਰਨ ਵਿਦਿਆਰਥੀ ਸਾਰਥਕ ਨਤੀਜੇ ਨਹੀਂ ਦੇ ਪਾਉਂਦਾ ।ਸਿੱਖਿਆ ਦਾ ਵਪਾਰੀਕਰਨ ਵੱਧਣ ਨਾਲ ਹੀ ਪ੍ਰੀਖਿਆ ਵਿੱਚ ਵੱਧ ਅੰਕ ਲੈਣ ਦੀ ਅੰਨ੍ਹੀ ਦੌੜ ਲੱਗ ਗਈ ਹੈ। ਕਿਸੇ ਸਮੇਂ 60 ਪ੍ਰਤੀਸ਼ਤ ਅੰਕ ਅਰਥਾਤ ਫਸਟ ਡਵੀਜ਼ਨ ਨੂੰ ਵੀ ਮਹੱਤਵਪੂਰਨ ਸਮਝਿਆ ਜਾਂਦਾ ਸੀ। ਪ੍ਰੰਤੂ ਅਜੋਕੇ ਯੁੱਗ ਵਿੱਚ 95 ਪ੍ਰਤੀਸ਼ਤ ਅੰਕ ਵੀ ਕਈ ਵਾਰ ਘੱਟ ਜਾਪਦੇ ਹਨ। ਸਿੱਖਿਆ ਦਾ ਅਸਲ ਉਦੇਸ਼ ਸਿਰਫ਼ ਪ੍ਰੀਖਿਆ ਵਿੱਚ ਪ੍ਰਾਪਤ ਅੰਕ ਹੀ ਨਹੀਂ ਹੈ । ਸਿੱਖਿਆ ਇੱਕ ਵਿਸ਼ਾਲ ਸ਼ਬਦ ਹੈ , ਜੋ ਬੱਚੇ ਨੂੰ ਜੀਵਨ-ਜਾਚ ਸਿਖਾਉਣ ਅਤੇ ਉਸ ਦੇ ਸਰਬਪੱਖੀ ਵਿਕਾਸ ਵਿਚ ਸਹਾਈ ਹੁੰਦੀ ਹੈ।

ਪ੍ਰੀਖਿਆ ਵਿਚ ਚੰਗੇ ਅੰਕ ਪ੍ਰਾਪਤ ਕਰਨਾ ਮੌਜੂਦਾ ਮੁਕਾਬਲੇ ਦੇ ਯੁੱਗ ਵਿੱਚ ਜਰੂਰਤ ਬਣ ਚੁੱਕਿਆ ਹੈ। ਪ੍ਰੀਖਿਆ ਖਾਸ ਤੌਰ ਤੇ ਉਨ੍ਹਾਂ ਵਿਦਿਆਰਥੀਆਂ ਲਈ ਬੋਝ ਬਣਦੀ ਹੈ, ਜਿਹੜੇ ਵਿਦਿਆਰਥੀ ਸਿਰਫ ਪ੍ਰੀਖਿਆ ਦੇ ਨਜ਼ਦੀਕ ਆਉਂਣ ਤੇ ਹੀ ਪੜ੍ਹਾਈ ਸ਼ੁਰੂ ਕਰਦੇ ਹਨ । ਪੜ੍ਹਾਈ ਨਿਰੰਤਰ ਚੱਲਣ ਵਾਲੀ ਪ੍ਰਕਿਰਿਆ ਹੈ । ਜਿਹੜੇ ਵਿਦਿਆਰਥੀ ਵਿਦਿਅਕ ਸੈਸ਼ਨ ਦੀ ਸ਼ੁਰੂਆਤ ਵਿੱਚ ਹੀ ਸਿਲੇਬਸ ਦੀ ਵੰਡ ਸੁਚੱਜੇ ਢੰਗ ਨਾਲ ਕਰ ਕੇ ਨਿਯਮਤ ਰੂਪ ਵਿੱਚ ਹਰ ਵਿਸ਼ੇ ਦੀ ਤਿਆਰੀ ਕਰਦੇ ਹਨ, ਉਨ੍ਹਾਂ ਨੂੰ ਪ੍ਰੀਖਿਆ ਦੇ ਦਿਨਾਂ ਵਿਚ ਬਹੁਤ ਘੱਟ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।

ਪ੍ਰੀਖਿਆ ਵਿੱਚ ਸਫ਼ਲਤਾ ਪ੍ਰਾਪਤ ਕਰਨ ਲਈ ਸਭ ਤੋਂ ਮਹੱਤਵਪੂਰਨ ਨੁਕਤਾ ਹੈ ਕਿ ਵਿਦਿਆਰਥੀ ਪੜ੍ਹਾਈ ਦੀ ਤਿਆਰੀ ਲਈ ਠੋਸ ਯੋਜਨਾਬੰਦੀ ਕਰੇ ਅਤੇ ਸਵੈ ਅਨੁਸ਼ਾਸਨ ਵਿੱਚ ਰਹਿਣ ਦੀ ਆਦਤ ਬਣਾਏ। ਸਭ ਤੋਂ ਪਹਿਲਾਂ ਤਾਂ ਹਰ ਵਿਸ਼ੇ ਦੇ ਸਿਲੇਬਸ ਸਬੰਧੀ ਪੂਰੀ ਜਾਣਕਾਰੀ ਹੋਣਾ ਬੇਹੱਦ ਜ਼ਰੂਰੀ ਹੈ। ਉਸ ਉਪਰੰਤ ਪ੍ਰਸ਼ਨ ਪੱਤਰ ਦਾ ਪੈਟਰਨ, ਚੈਪਟਰ ਅਨੁਸਾਰ ਨੰਬਰਾਂ ਦੀ ਵੰਡ ਅਤੇ ਪਿਛਲੇ ਸਾਲਾਂ ਦੇ ਪ੍ਰਸ਼ਨ-ਪੱਤਰਾ ਬਾਰੇ ਵੀ ਜਾਣਕਾਰੀ ਪ੍ਰਾਪਤ ਕਰਨ ਨਾਲ ਪ੍ਰੀਖਿਆ ਦੀ ਤਿਆਰੀ ਕਰਨੀ ਆਸਾਨ ਹੋ ਜਾਂਦੀ ਹੈ।

ਪੜ੍ਹਾਈ ਕਰਨ ਦਾ ਸਭ ਤੋਂ ਚੰਗਾ ਤਰੀਕਾ ਹੈ, ਕਿ ਜਿਸ ਤਰੀਕੇ ਨਾਲ ਸਕੂਲ ਵਿੱਚ ਟਾਈਮ ਟੇਬਲ ਬਣਾਇਆ ਜਾਂਦਾ ਹੈ, ਉਸੇ ਹੀ ਤਰਜ਼ ਤੇ ਵਿਦਿਆਰਥੀ ਆਪਣਾ ਖੁਦ ਦਾ ਟਾਈਮ ਟੇਬਲ ਘਰ ਵਿੱਚ ਪੜ੍ਹਾਈ ਲਈ ਵੀ ਬਣਾਏ। ਹਰ ਵਿਸ਼ੇ ਲਈ ਠੋਸ ਯੋਜਨਾਬੰਦੀ ਕਰਦੇ ਹੋਏ, ਜ਼ਰੂਰਤ ਅਨੁਸਾਰ ਸਮਾਂ ਨਿਸ਼ਚਿਤ ਕੀਤਾ ਜਾਏ, ਸ਼ੁਰੂਆਤ ਥੋੜੇ ਸਮੇਂ ਤੋਂ ਕੀਤੀ ਜਾ ਸਕਦੀ ਹੈ। ਕੀ ਕਰਨਾ ਹੈ, ਕਦੋਂ ਕਰਨਾ ਹੈ ਅਤੇ ਕਿੰਨਾ ਪੜ੍ਹਨਾ ਹੈ ਨਿਸ਼ਚਿਤ ਕੀਤਾ ਜਾਵੇ। ਪੜ੍ਹਾਈ ਦੀ ਯੋਜਨਾ ਬਣਾਉਣ ਉਪਰੰਤ ਉਸ ਨੂੰ ਪੂਰਾ ਕਰਨ ਲਈ ਤਨਦੇਹੀ ਨਾਲ ਯਤਨ ਕੀਤੇ ਜਾਣ, ਖੁਦ ਤੇ ਵਿਸ਼ਵਾਸ ਕਰੋ, ਜਿਹੜੀਆਂ ਚੀਜ਼ਾਂ ਜਾਂ ਗਤੀਵਿਧੀਆਂ ਪੜ੍ਹਾਈ ਵਿੱਚ ਰੁਕਾਵਟ ਬਣਦੀਆਂ ਹਨ, ਉਹਨਾਂ ਤੋਂ ਦੂਰ ਰਿਹਾ ਜਾਵੇ। ਪੜ੍ਹਾਈ ਸਬੰਧੀ ਕੀਤੀ ਯੋਜਨਾ ਦਾ ਕੁਝ ਦਿਨ ਬਾਅਦ ਕੰਟਰੋਲ ਪ੍ਰਕਿਰਿਆ ਤਹਿਤ ਵਿਸ਼ਲੇਸ਼ਣ ਜਰੂਰ ਕੀਤਾ ਜਾਵੇ। ਕੀਤੇ ਹੋਏ ਕੰਮ ਦੀ, ਪਹਿਲਾਂ ਨਿਸ਼ਚਿਤ ਕੀਤੇ ਟਾਰਗੈਟ ਨਾਲ ਤੁਲਨਾ ਕੀਤੀ ਜਾਵੇ। ਜੇ ਪੜ੍ਹਾਈ ਯੋਜਨਾ ਅਨੁਸਾਰ ਚੱਲ ਰਹੀ ਹੈ, ਤਾਂ ਖੁਦ ਨੂੰ ਸ਼ਾਬਾਸ਼ ਜਰੂਰ ਦਿਓ। ਲੇਕਿਨ ਜੇ ਮਿਥੇ ਟੀਚੇ ਅਨੁਸਾਰ ਸਿਲੇਬਸ ਪੂਰਾ ਨਹੀਂ ਹੋਇਆ ਤਾਂ ਉਨ੍ਹਾਂ ਕਾਰਨਾਂ ਦਾ ਪਤਾ ਲਗਾਇਆ ਜਾਵੇ, ਜਿਹੜੇ ਪੜਾਈ ਵਿਚ ਰੁਕਾਵਟ ਬਣੇ ਹਨ। ਫਿਰ ਉਨ੍ਹਾਂ ਕਾਰਨਾਂ ਨੂੰ ਦੂਰ ਕਰਨ ਲਈ ਯਤਨ ਕੀਤੇ ਜਾਨ। ਇਸ ਤਰੀਕੇ ਨਾਲ ਪੜ੍ਹਾਈ ਕਰਨ ਦੀ ਬਦੌਲਤ ਮੇਰੇ ਅਨੇਕਾਂ ਹੀ ਵਿਦਿਆਰਥੀ ਸਫ਼ਲਤਾ ਦੀਆਂ ਮੰਜ਼ਿਲਾਂ ਸਰ ਕਰ ਚੁਕੇ ਹਨ।

ਸਿੱਖਿਆ ਸਬੰਧੀ ਇੱਕ ਕਹਾਵਤ ਹੈ ਕਿ "ਸਿਖਿਆ ਲਈ ਚੰਗਾ ਵਾਤਾਵਰਨ ਬਣਾਓ, ਬਾਕੀ ਕੰਮ ਵਾਤਾਵਰਨ ਖੁਦ ਹੀ ਕਰ ਦੇਵੇਗਾ" ਇਸ ਲਈ ਪੜ੍ਹਾਈ ਹਮੇਸ਼ਾ ਸ਼ਾਂਤ, ਸਥਿਰ ਅਤੇ ਸੁਚੱਜੇ ਮਾਹੌਲ ਵਿੱਚ ਕਰਨੀ ਚਾਹੀਦੀ ਹੈ। ਇਸ ਦੇ ਹਮੇਸ਼ਾ ਹੀ ਸਾਰਥਕ ਨਤੀਜੇ ਨਿਕਲਦੇ ਹਨ। ਪੜ੍ਹਾਈ ਕਰਦੇ ਸਮੇਂ ਟੀ. ਵੀ., ਕੰਪਿਊਟਰ , ਇੰਟਰਨੈੱਟ, ਸੋਸ਼ਲ ਮੀਡੀਆ ਅਤੇ ਮੁਬਾਇਲ ਫੋਨ ਆਦਿ ਤੋਂ ਦੂਰੀ ਬਣਾਉਣੀ ਬੇਹੱਦ ਜ਼ਰੂਰੀ ਹੈ। ਪ੍ਰੀਖਿਆ ਦੀ ਤਿਆਰੀ ਕਰਦੇ ਸਮੇਂ ਇੰਟਰਨੈਟ ਅਤੇ ਮੋਬਾਈਲ ਫ਼ੋਨ ਦੀ ਵਰਤੋਂ ਸਿਰਫ਼ ਪੜ੍ਹਾਈ ਨਾਲ ਸਬੰਧਤ ਜਾਣਕਾਰੀ ਲੈਣ ਲਈ ਹੀ ਕੀਤੀ ਜਾਵੇ। ਪੜ੍ਹਾਈ ਲਈ ਇਕਾਗਰਤਾ ਦਾ ਹੋਣਾ ਵੀ ਬੇਹੱਦ ਜ਼ਰੂਰੀ ਹੈ । ਪੂਰਾ ਦਿਨ ਕਿਤਾਬ ਲੈ ਕੇ ਬੈਠਣ ਨਾਲੋਂ ਥੋੜ੍ਹਾ ਸਮਾਂ ਮਨ ਲਗਾ ਕੇ ਪੜਨਾਂ ਜ਼ਿਆਦਾ ਲਾਹੇਵੰਦ ਸਾਬਿਤ ਹੁੰਦਾ ਹੈ।

ਪ੍ਰੀਖਿਆ ਲਈ ਸਕਾਰਾਤਮਕ ਤਨਾਅ ਜਾਂ ਥੋੜ੍ਹਾ ਜਿਹਾ ਡਰ ਵੀ ਜ਼ਰੂਰ ਹੋਣਾ ਚਾਹੀਦਾ ਹੈ,ਇਸ ਨਾਲ ਹੀ ਤਾਂ ਹੋਰ ਬੇਹਤਰ ਕਰਨ ਦੀ ਪ੍ਰੇਰਨਾ ਮਿਲਦੀ ਹੈ। ਪ੍ਰੰਤੂ ਨਕਾਰਾਤਮਕ ਤਨਾਅ ਤੋਂ ਪੂਰੀ ਤਰ੍ਹਾਂ ਦੂਰ ਰਹਿਣਾ ਚਾਹੀਦਾ ਹੈ। ਪ੍ਰੀਖਿਆ ਦੇ ਨਜ਼ਦੀਕ ਵਿਦਿਆਰਥੀਆਂ ਨੂੰ ਸੋਚ ਦਾ ਦਾਇਰਾ ਵਰਤਮਾਨ ਤੱਕ ਹੀ ਸੀਮਤ ਰੱਖਣਾ ਚਾਹੀਦਾ ਹੈ। ਇਸ ਸਮੇਂ ਭੁਤਕਾਲ ਦੀਆਂ ਨਾਕਾਮਯਾਬੀਆ ਅਤੇ ਭਵਿੱਖ ਨੂੰ ਲੈ ਕੇ ਚਿੰਤਿਤ ਹੋਣਾ ਨੁਕਸਾਨਦੇਹ ਸਾਬਿਤ ਹੁੰਦਾ ਹੈ।

ਪ੍ਰੀਖਿਆਵਾਂ ਦੇ ਦੌਰਾਨ ਨਕਾਰਾਤਮਕ ਵਿਚਾਰ ਅਤੇ ਨਕਾਰਾਤਮਕ ਸੋਚ ਵਾਲੇ ਲੋਕਾਂ ਤੋਂ ਦੂਰੀ ਬਣਾ ਲੈਣੀ ਚਾਹੀਦੀ ਹੈ। ਪ੍ਰੀਖਿਆ ਦੀ ਤਿਆਰੀ ਸਬੰਧੀ ਚਰਚਾ ਸਿਰਫ਼ ਸੀਮਤ ਲੋਕਾਂ ਨਾਲ ਹੀ ਕਰਨੀ ਚਾਹੀਦੀ ਹੈ, ਜ਼ਿਆਦਾ ਚਰਚਾ ਵੀ ਹਾਨੀਕਾਰਕ ਹੈ। ਪੜ੍ਹਾਈ ਨਾਲ ਸਬੰਧਤ ਸ਼ੰਕੇ ਜਲਦ ਤੋਂ ਜਲਦ ਦੂਰ ਕਰ ਲੈਣੇ ਚਾਹੀਦੇ ਹਨ।

ਇਸ ਤੋ ਇਲਾਵਾ ਉਚਿਤ ਨੀਂਦ, ਸੰਤੁਲਿਤ ਖ਼ੁਰਾਕ, ਥੋੜੇ ਸਮੇਂ ਲਈ ਸਰੀਰਕ ਕਸਰਤ ਜਾਂ ਸੈਰ ਅਤੇ ਕੁਝ ਸਮੇਂ ਲਈ ਰੁਚੀ ਅਨੁਸਾਰ ਕੀਤੀਆਂ ਗਈਆਂ ਮਨੋਰੰਜਨਦਾਇਕ ਗਤੀਵਿਧੀਆਂ ਵਿਦਿਆਰਥੀ ਨੂੰ ਤਰੋਤਾਜਾ ਰੱਖਦੀਆਂ ਹਨ ਅਤੇ ਪ੍ਰੀਖਿਆ ਵਿੱਚ ਸ਼ਾਨਦਾਰ ਨਤੀਜੇ ਦੇਣ ਲਈ ਸਹਾਈ ਹੁੰਦੀਆਂ ਹਨ। ਪ੍ਰੀਖਿਆ ਆਪਣੇ ਆਪ ਦੀ ਕਾਬਲੀਅਤ ਅਤੇ ਮਿਹਨਤ ਨੂੰ ਜਾਨਣ ਦਾ ਇੱਕ ਮੌਕਾ ਹੈ , ਇਹ ਚੁਣੌਤੀ ਨਹੀਂ ਬਲਕਿ ਅਵਸਰ ਹੈ।


RSFO
Ramgarhia Sikh Foundation of Ontario

ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।

Ramgarhia Sikh Foundation of Ontario
10th International Award 2023

Dedicated to the 300th Birth Anniversary of Maharaja Jassa Singh Ramgarhia

300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada

# ਪਦਮ ਸ੍ਰੀ ਮਿਲਣ ‘ਤੇ ਵਿਸ਼ੇਸ਼: ਸਿਪਾਹੀ ਤੋਂ ਪਦਮ ਸ੍ਰੀ ਤੱਕ ਪਹੁੰਚਣ ਵਾਲਾ ਸਿਰੜੀ ਖੋਜੀ ਡਾ. ਰਤਨ ਸਿੰਘ ਜੱਗੀ

ਉਜਾਗਰ ਸਿੰਘ ਦੀ ਕਲਮ ਤੋਂ

ਸਾਡੇ ਨੌਜਵਾਨ ਪੰਜਾਬ ਵਿੱਚ ਰੋਜ਼ਗਾਰ ਦੀ ਘਾਟ ਦਾ ਬਹਾਨਾ ਬਣਾ ਕੇ ਪਰਵਾਸ ਵਲ ਵਹੀਰਾਂ ਘੱਤ ਕੇ ਜਾ ਰਹੇ ਹਨ। ਉਨ੍ਹਾਂ ਲਈ ਡਾ.ਰਤਨ ਸਿੰਘ ਜੱਗੀ ਪ੍ਰੇਰਨਾ ਸਰੋਤ ਬਣ ਸਕਦੇ ਹਨ, ਜਿਹੜੇ ਆਪਣੀ ਮਿਹਨਤ ਅਤੇ ਦ੍ਰਿੜ ਇਰਾਦੇ ਕਰਕੇ ਇਕ ਪੁਲਿਸ ਦੇ ਸਿਪਾਹੀ ਤੋਂ ਭਰਤੀ ਹੋ ਕੇ ਪਦਮ ਸ੍ਰੀ ਦੀ ਉਪਾਧੀ ਤੱਕ ਪਹੁੰਚ ਗਏ ਹਨ।

ਭਾਰਤ ਸਰਕਾਰ ਨੇ ਡਾ.ਰਤਨ ਸਿੰਘ ਜੱਗੀ ਨੂੰ ਸਾਹਿਤ ਅਤੇ ਸਿੱਖਿਆ ਦੇ ਖੇਤਰ ਵਿੱਚ ਯੋਗਦਾਨ ਪਾਉਣ ਲਈ ਪਦਮ ਸ੍ਰੀ ਦੇਣ ਦਾ ਐਲਾਨ ਕੀਤਾ ਹੈ। ਦੇਸ਼ ਵਿੱਚੋਂ 91 ਵਿਅਕਤੀਆਂ ਨੂੰ ਪਦਮ ਸ੍ਰੀ ਦਾ ਖ਼ਿਤਾਬ ਐਲਾਨ ਕੀਤਾ ਗਿਆ ਹੈ, ਪੰਜਾਬ ਵਿੱਚੋਂ ਇਕੱਲੇ ਡਾ.ਰਤਨ ਸਿੰਘ ਜੱਗੀ ਹਨ। ਸੰਸਾਰ ਵਿਚ ਕੋਈ ਕੰਮ ਵੀ ਅਸੰਭਵ ਨਹੀਂ ਹੁੰਦਾ ਜੇਕਰ ਉਸਨੂੰ ਕਰਨ ਵਾਲੇ ਵਿਅਕਤੀ ਦਾ ਦ੍ਰਿੜ੍ਹ ਇਰਾਦਾ, ਲਗਨ ਅਤੇ ਮਿਹਨਤੀ ਸੁਭਾਅ ਹੋਣਾ ਹੋਵੇ। ਸਾਡੇ ਨੌਜਵਾਨ ਔਖੇ ਕੰਮ ਨੂੰ ਕਰਨ ਦੀ ਹਿੰਮਤ ਕਰਨ ਤੋਂ ਪਹਿਲਾਂ ਹੀ ਢੇਰੀ ਢਾਹ ਬੈਠਦੇ ਹਨ ਪ੍ਰੰਤੂ ਕੁਝ ਅਜਿਹੇ ਉਦਮੀ ਹੁੰਦੇ ਹਨ, ਜਿਹੜੇ ਜਿਸ ਕੰਮ ਨੂੰ ਕਰਨ ਬਾਰੇ ਸੋਚ ਲੈਣ ਉਸਨੂੰ ਪੂਰਾ ਕਰਕੇ ਹੀ ਹੱਟਦੇ ਹਨ। ਇਨ੍ਹਾਂ ਉਦਮੀਆਂ ਵਿਚ ਹੀ ਇੱਕ ਅਜਿਹਾ ਖੋਜੀ ਧੁਰੰਦਰ ਵਿਦਵਾਨ ਸਾਹਿਤਕਾਰ ਡਾ.ਰਤਨ ਸਿੰਘ ਜੱਗੀ ਹੈ, ਉਸਨੇ ਜਿਸ ਵੀ ਅਤਿ ਕਠਨ ਕੰਮ ਨੂੰ ਹੱਥ ਪਾਇਆ ਉਤਨੀ ਦੇਰ ਚੈਨ ਨਾਲ ਟਿਕ ਕੇ ਨਹੀਂ ਬੈਠਿਆ, ਜਿਤਨੀ ਦੇਰ ਉਸਨੂੰ ਨੇਪਰੇ ਨਹੀਂ ਚਾੜ੍ਹ ਲਿਆ। ਸਾਹਿਤਕ ਅਤੇ ਇਤਿਹਾਸਕ ਖੋਜ ਦੇ ਕੰਮਾਂ ਵਿਚ ਉਸਨੂੰ ਅਨੇਕਾਂ ਮੁਸ਼ਕਲਾਂ ਅਤੇ ਤਕਲੀਫਾਂ ਦਾ ਮੁਕਾਬਲਾ ਕਰਨਾ ਪਿਆ। ਕਈ ਵਾਰ ਤਾਂ ਜਾਨ ਵੀ ਜੋਖ਼ਮ ਵਿਚ ਪਾਉਣੀ ਪਈ ਪ੍ਰੰਤੂ ਉਸਨੇ ਜੋ ਨਿਸ਼ਾਨਾ ਮਿਥਿਆ ਉਸਨੂੰ ਹਰ ਹਾਲਤ ਵਿਚ ਪੂਰਾ ਕੀਤਾ। ਉਸਦੀ ਬਚਪਨ ਤੋਂ ਲੈ ਕੇ ਹੁਣ ਤੱਕ ਸਾਰੀ ਜ਼ਿੰਦਗੀ ਹੀ ਜਦੋਜਹਿਦ ਵਾਲੀ ਰਹੀ ਹੈ। ਇਨ੍ਹਾਂ ਖੋਜਾਂ ਲਈ ਉਸਨੂੰ ਸਾਰੇ ਦੇਸ਼ ਦਾ ਭਰਮਣ ਕਰਨਾ ਪਿਆ। ਭਾਵੇਂ ਉਸਨੂੰ ਦਸਵੀਂ ਤੋਂ ਬਾਅਦ ਪਰਿਵਾਰ ਪੜ੍ਹਾਉਣਾ ਨਹੀਂ ਚਾਹੁੰਦਾ ਸੀ ਪ੍ਰੰਤੂ ਉਸਦੀ ਲਗਨ ਅਤੇ ਦ੍ਰਿੜ੍ਹਤਾ ਨੇ ਸਾਹਿਤਕ ਖੇਤਰ ਦੀ ਸਭ ਤੋਂ ਸਰਵੋਤਮ ਡਿਗਰੀ ਡੀ.ਲਿਟ.ਪ੍ਰਾਪਤ ਕਰਕੇ ਹੀ ਦਮ ਲਿਆ। ਡੀ.ਲਿਟ.ਵੀ ਇੱਕ ਨਹੀਂ ਸਗੋਂ ਤਿੰਨ-ਤਿੰਨ ਪ੍ਰਾਪਤ ਕੀਤੀਆਂ। ਦੇਸ਼ ਦੀ ਵੰਡ ਨੇ ਵੀ ਉਸਦੇ ਰਸਤੇ ਵਿਚ ਰੁਕਾਵਟਾਂ ਖੜ੍ਹੀਆਂ ਕੀਤੀਆਂ। ਪੱਛਮੀਂ ਪੰਜਾਬ ਤੋਂ ਪੂਰਬੀ ਪੰਜਾਬ ਵਿਚ ਤਪਾਮੰਡੀ, ਨਰਾਇਣਗੜ੍ਹ ਕੋਲ ਅੰਬਾਲਾ ਜਿਲ੍ਹੇ ਦੇ ਲੋਟੋਂ ਪਿੰਡ ਜਿਥੇ ਪਰਿਵਾਰ ਨੂੰ ਜ਼ਮੀਨ ਅਲਾਟ ਹੋਈ ਸੀ, ਲੁਧਿਆਣਾ, ਦਿੱਲੀ, ਸੋਨੀਪਤ, ਅਖ਼ੀਰ ਪਟਿਆਲਾ ਆ ਕੇ ਵਸ ਗਏ। ਸਭ ਤੋਂ ਪਹਿਲਾਂ ਉਨ੍ਹਾਂ ਅੰਬਾਲੇ ਫ਼ੌਜ ਵਿਚ ਸਿਵਲੀਅਨ ਕਲਰਕ ਦੀ ਨੌਕਰੀ ਕੀਤੀ। ਇੱਕ ਮਹੀਨੇ ਬਾਅਦ ਦਿੱਲੀ ਵਿਖੇ ਪੁਲਿਸ ਵਿਭਾਗ ਦੇ ਗੁਪਤਚਰ ਵਿਭਾਗ ਵਿਚ 7 ਜਨਵਰੀ 1949 ਨੂੰ ਨੌਕਰੀ 135 ਰੁਪਏ ਮਹੀਨਾ ਨਾਲ ਸ਼ੁਰੂ ਕੀਤੀ ਅਤੇ ਲਗਪਗ 7 ਸਾਲ ਨੌਕਰੀ ਕਰਦਿਆਂ ਪਹਿਲਾਂ ਗਿਆਨੀ, ਐਫ.ਏ.ਅਤੇ ਪ੍ਰਭਾਕਰ ਪਾਸ ਕੀਤੀਆਂ। ਇਸ ਤੋਂ ਇਲਾਵਾ 1952 ਵਿਚ ਬੀ.ਏ.ਪਾਰਟ ਟਾਈਮ ਅਤੇ ਬਾਅਦ ਵਿਚ ਬੀ.ਏ.ਫਾਰਸੀ, ਹਿੰਦੀ ਅਤੇ ਸੰਸਕ੍ਰਿਤ ਵਿਚ ਵੀ ਪਾਸ ਕੀਤੀਆਂ। ਈਵਨਿੰਗ ਕਲਾਸਾਂ ਵਿਚ ਪੱਤਰਕਾਰਤਾ ਦਾ ਡਿਪਲੋਮਾ ਵੀ ਕੀਤਾ। 1955 ਵਿਚ ਐਮ.ਏ.ਪੰਜਾਬੀ ਅਤੇ 1957 ਵਿਚ ਐਮ.ਏ.ਹਿੰਦੀ ਪਾਸ ਕੀਤੀਆਂ। ਇਹ ਸਾਰੀ ਪੜ੍ਹਾਈ ਦਿੱਲੀ ਰਹਿੰਦਿਆਂ ਕੀਤੀ। 95 ਸਾਲ ਦੀ ਉਮਰ ਵਿਚ ਵੀ ਉਹ ਖੋਜ ਪ੍ਰਤੀ ਪੂਰੇ ਸੁਚੇਤ ਹਨ, ਅਜੇ ਵੀ ਸਿੱਖ ਸੰਕਲਪ ਦੀ ਪੂਰਤੀ ਲਈ ਲਗਾਤਾਰ ਖੋਜ ਕਰ ਰਿਹਾ ਹੈ। ਪੰਜਾਬੀ ਭਾਸ਼ਾ ਅਤੇ ਸਾਹਿਤ ਨਾਲ ਦਿਲੋਂ ਜੁੜੇ ਹੋਏ ਰਤਨ ਸਿੰਘ ਜੱਗੀ ਦਾ ਜਨਮ ਪੱਛਮੀਂ ਪੰਜਾਬ ਦੇ ਅਟਕ ਜ਼ਿਲ੍ਹੇ ਦੇ ਪਿੰਡ ਪਿੰਡੀਘੇਬ ਵਿਖੇ 27 ਜੁਲਾਈ 1927 ਨੂੰ ਮਾਤਾ ਨਾਨਕੀ ਦੇਵੀ ਅਤੇ ਪਿਤਾ ਲੋੜੀਂਦਾ ਮੱਲ ਜੱਗੀ ਦੇ ਘਰ ਹੋਇਆ ਸੀ। ਹੁਣ ਇਹ ਪਿੰਡ ਪਾਕਿਸਤਾਨ ਦੇ ਕੈਂਬਲਪੁਰ ਜ਼ਿਲ੍ਹੇ ਵਿਚ ਹੈ। ਬਚਪਨ ਵਿਚ ਪੂਰਾ ਨਟਖਟ ਰਤਨ ਸਿੰਘ ਜੱਗੀ ਗੁੱਲੀ ਡੰਡਾ, ਕਬੱਡੀ ਅਤੇ ਘੁਲਣ ਦਾ ਸ਼ੌਕੀਨ ਰਿਹਾ ਹੈ। ਪੰਜ ਭਰਾ ਅਤੇ ਦੋ ਭੈਣਾਂ ਦੇ ਪਰਿਵਾਰ ਦੇ ਗੁਜ਼ਾਰੇ ਲਈ ਆਪਣੇ ਪਿਤਾ ਦਾ ਪੂਰਾ ਸਹਿਯੋਗੀ ਰਿਹਾ। ਘੁਲਾੜੀ ਚਲਾਉਂਦਾ ਅਤੇ ਘੁਲਾੜੀ ਵਿਚ ਗੰਨੇ ਵੀ ਦਿੰਦਾ ਰਿਹਾ। ਉਸ ਦੇ ਪਿਤਾ ਨੇ ਪਰਿਵਾਰ ਦੇ ਪਾਲਣ ਪੋਸ਼ਣ ਲਈ ਖੇਤੀਬਾੜੀ ਦੇ ਨਾਲ ਵਪਾਰ ਅਤੇ ਠੇਕੇਦਾਰੀ ਵੀ ਕੀਤੀ। ਉਹ ਹਮੇਸ਼ਾ ਉਨ੍ਹਾਂ ਦੇ ਨਾਲ ਹੁੰਦੇ ਸਨ। ਇਸ ਕਰਕੇ ਉਨ੍ਹਾਂ ਨੇ ਵਿਸ਼ਾਲ ਤਜ਼ਰਬਾ ਗ੍ਰਹਿਣ ਕੀਤਾ। ਉਸ ਦਾ ਦਾਦਾ ਮੂਲ ਰਾਜ ਜੱਗੀ ਹਿਕਮਤ ਦਾ ਕੰਮ ਕਰਦਾ ਸੀ। ਪੜ੍ਹਨ ਲਿਖਣ ਦਾ ਸ਼ੌਕ ਉਸ ਨੂੰ ਬਚਪਨ ਤੋਂ ਮਹੰਤ ਪੰਡਿਤ ਸੁੱਚਾ ਸਿੰਘ ਦੀ ਪ੍ਰੇਰਨਾ ਨਾਲ ਪੈ ਗਿਆ ਸੀ। ਖੋਜ ਦੇ ਕੰਮ ਲਈ ਪੰਜਾਬੀ ਵਿਚ ਡਾ.ਹਰਭਜਨ ਸਿੰਘ ਅਤੇ ਹਿੰਦੀ ਵਿਚ ਹਜ਼ਾਰੀ ਪ੍ਰਸਾਦਿ ਦਿਵੇਦੀ ਉਨ੍ਹਾਂ ਦੇ ਪ੍ਰੇਰਨਾ ਸਰੋਤ ਸਨ। ਅੱਠਵੀਂ ਤੱਕ ਦੀ ਪੜ੍ਹਾਈ ਉਸ ਨੇ ਪਿੰਡੀਘੇਬ ਖਾਲਸਾ ਸਕੂਲ ਅਤੇ ਦਸਵੀਂ 1943 ਵਿਚ ਸਰਕਾਰੀ ਹਾਈ ਸਕੂਲ ਪਿੰਡੀਘੇਬ ਤੋਂ ਪਾਸ ਕੀਤੀ। ਦਸਵੀਂ ਤੱਕ ਪੜ੍ਹਾਈ ਲੈਂਪ ਦੀ ਰੌਸ਼ਨੀ ਵਿਚ ਹੀ ਕੀਤੀ। ਉਹ ਕਿਹੜੀ ਸਮੱਸਿਆ ਹੈ, ਜਿਸਦਾ ਰਤਨ ਸਿੰਘ ਜੱਗੀ ਨੇ ਮੁਕਾਬਲਾ ਨਹੀਂ ਕੀਤਾ ਪ੍ਰੰਤੂ ਹਮੇਸ਼ਾ ਸਫਲਤਾ ਉਸ ਦੇ ਪੈਰ ਚੁੰਮਦੀ ਰਹੀ। ਮੁੱਢਲੀ ਸਿਖਿਆ ਪ੍ਰਾਪਤ ਕਰਨ ਉਪਰੰਤ ਉਸ ਨੇ ਐਮ. ਏ .ਪੰਜਾਬੀ ਅਤੇ ਹਿੰਦੀ ਦੇ ਵਿਸ਼ਿਆਂ ਵਿੱਚ ਕੀਤੀ। ਇਸ ਤੋਂ ਬਾਅਦ ਪੀ .ਐਚ.ਡੀ. ਅਤੇ ਡੀ. ਲਿਟ. ਦੀਆਂ ਡਿਗਰੀਆਂ ਪ੍ਰਾਪਤ ਕੀਤੀਆਂ । ਉਸ ਦਾ ਸੁਭਾਅ ਸ਼ੁਰੂ ਤੋਂ ਹੀ ਖੋਜੀ ਰਿਹਾ ਹੈ। ਉਸ ਹਰ ਕੰਮ ਖੋਜ ਦੇ ਆਧਾਰ ’ਤੇ ਕਰਨ ਦੇ ਆਦੀ ਹਨ, ਇਸ ਕਰਕੇ ਹੀ ਉਸ ਨੂੰ ਖੋਜੀ ਸਾਹਿਤਕਾਰ ਕਿਹਾ ਜਾਂਦਾ ਹੈ। ਉਹ ਮੁੱਖ ਤੌਰ ’ਤੇ ਗੁਰਬਾਣੀ, ਪੁਰਾਤਨ ਪੰਜਾਬੀ ਵਾਰਤਕ, ਪੁਰਾਤਨ ਹੱਥ ਲਿਖਤਾਂ ਅਤੇ ਇਤਿਹਾਸ ਆਦਿ ਦੇ ਵਿਸ਼ਿਆਂ ਨੂੰ ਚੁਣਦੇ ਹਨ ਅਤੇ ਉਹਨਾਂ ਤੇ ਵਿਸ਼ਿਆਂ ਤੇ ਉਸ ਦੀਆਂ 144 ਪੁਸਤਕਾਂ ਪ੍ਰਕਾਸ਼ਤ ਹੋ ਚੁੱਕੀਆਂ ਹਨ। ਡਾ. ਜੱਗੀ ਅੱਧੀ ਸਦੀ ਤੋਂ ਪੰਜਾਬੀ ਸਾਹਿਤ ਜਗਤ ਦੀ ਸੇਵਾ ਕਰ ਰਿਹਾ ਹੈ। ਉਸ ਨੇ ਜੀਵਨੀ ਸਾਹਿਤ ਉਪਰ ਵੀ ਤਿੰਨ ਪੁਸਤਕਾਂ ਭਾਈ ਗੁਰਦਾਸ ਦੀਆਂ ਵਾਰਾਂ ਬਾਰੇ ਸ਼ਬਦ ਕੋਸ਼ ਤੇ ਅਨੁਕਰਮਣਿਕਾ ਅਤੇ ਚਾਰ ਹਵਾਲਾ ਕੋਸ਼ ਲਿਖੇ ਹਨ। ਸੰਪਾਦਨ ਦੇ ਖੇਤਰ ਵਿੱਚ ਉਨ੍ਹਾਂ ਦੀ ਦੇਣ ਨੂੰ ਕਦੀ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਨੇ ਪੰਜ ਪੁਰਾਤਨ ਹੱਥ ਲਿਖਤਾਂ, ਤਿੰਨ ਬਾਣੀ ਸੰਗ੍ਰਹਿਆਂ ਅਤੇ ਨੌਂ ਰਚਨਾ ਸੰਗ੍ਰਹਿ ਸੰਪ-ਾਦਿਤ ਕੀਤੇ ਹਨ। ਉਨ੍ਹਾਂ ਨੇ ਖੋਜ ਪੱਤਰਕਾਰ ਦੇ ਲਗਪਗ 20 ਵਿਸ਼ੇਸ਼ ਤੇ ਸਾਧਾਰਨ ਅੰਕਾਂ ਦਾ ਸੰਪਾਦਨ ਕੀਤਾ ਹੈ। ਟੀਕਾਕਾਰੀ ਦੇ ਖੇਤਰ ਵਿੱਚ ਵੀ ਉਸ ਦੀ ਦੇਣ ਵਰਣਨਯੋਗ ਹੈ। ਤੁਲਸੀ ਰਾਮਾਇਣ ਦਾ ਟੀਕਾ ਅਤੇ ਛੇ ਪੁਸਤਕਾਂ ਦਾ ਅਨੁਵਾਦ ਵੀ ਕੀਤਾ ਹੈ। ਉਨ੍ਹਾਂ ਨੇ 150 ਤੋਂ ਉਪਰ ਖੋਜ ਪੱਤਰ ਅਤੇ ਲੇਖ, ਵਾਰਤਾਵਾਂ ਦੀ ਰਚਨਾ ਕੀਤੀ ਹੈ। ਉਨ੍ਹਾਂ ਨੇ ਅੰਗਰੇਜ਼ੀ, ਹਿੰਦੀ ਅਤੇ ਪੰਜਾਬੀ ਦੇ ਹਵਾਲਾ ਕੋਸ਼ਾਂ ਲਈ ਇੰਦਰਾਜ ਇੱਕਤਰ ਕੀਤੇ ਅਤੇ ਪੰਜਾਬੀ ਦੇ ਵਿਕਾਸ ਲਈ ਹਮੇਸ਼ਾ ਸਹਿਯੋਗ ਦਿੱਤਾ ਹੈ। ਪੁਲਿਸ ਦੀ ਨੌਕਰੀ ਛੱਡਣ ਤੋਂ ਬਾਅਦ 17 ਮਾਰਚ 1957 ਨੂੰ ਹਿੰਦੂ ਕਾਲਜ ਸੋਨੀਪਤ, ਮਾਰਚ 1958 ਵਿਚ ਸਰਕਾਰੀ ਕਾਲਜ ਹਿਸਾਰ ਅਤੇ 25 ਮਈ 1963 ਤੋਂ ਜੁਲਾਈ 1965 ਤੱਕ ਮਹਿੰਦਰਾ ਕਾਲਜ ਪਟਿਆਲਾ ਵਿਚ ਬਤੌਰ ਲੈਕਚਰਾਰ ਸੇਵਾ ਨਿਭਾਈ। ਫਿਰ ਉਹ ਜੁਲਾਈ 1965 ਵਿਚ ਪੰਜਾਬੀ ਯੂਨੀਵਰਸਿਟੀ ਵਿਚ ਲੈਕਚਰਾਰ ਲੱਗ ਗਏ। ਦਸੰਬਰ 1962 ਵਿਚ ਉਨ੍ਹਾਂ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ “ਦਸਮ ਗ੍ਰੰਥ ਦੀਆਂ ਪੌਰਾਣਿਕ ਕ੍ਰਿਤੀਆਂ ਦਾ ਆਲੋਚਨ-ਾਤਮਕ ਅਧਿਐਨ” ਦੇ ਵਿਸ਼ੇ ’ਤੇ ਪੀ.ਐਚ.ਡੀ.ਕਰ ਲਈ ਸੀ। 1971 ਵਿਚ ਉਹ ਪੰਜਾਬੀ ਯੂਨੀਵਰਸਿਟੀ ਵਿੱਚ ਰੀਡਰ ਦੇ ਅਹੁਦੇ ’ਤੇ ਨਿਯੁਕਤ ਹੋ ਗਏ। ਜੁਲਾਈ 1978 ਵਿਚ ਪੰਜਾਬੀ ਸਾਹਿਤ ਅਧਿਐਨ ਵਿਭਾਗ ਵਿਚ ਪ੍ਰੋਫ਼ੈਸਰ ਦੇ ਤੌਰ ’ਤੇ ਚੋਣ ਹੋ ਗਈ, ਜਿਸ ਅਹੁਦੇ ’ਤੇ ਉਹ 1987 ਤੱਕ ਰਹੇ। ਸੇਵਾ ਮੁਕਤੀ ਤੋਂ ਬਾਅਦ ਉਨ੍ਹਾਂ ਨੂੰ ਕਈ ਯੂਨੀਵਰਸਿਟੀਆਂ ਨੇ ਸੀਨੀਅਰ ਫੈਲੋਸ਼ਿਪ ਦਿੱਤੀ। ਇਸ ਸਮੇਂ ਉਹ ਪੰਜਾਬੀ ਯੂਨੀਵਰਸਿਟੀ ਵਿਚ ਆਜੀਵਨ ਫੈਲੋਸ਼ਿਪ ’ਤੇ ਹਨ। ਉਨ੍ਹਾਂ ਨੇ 1973 ਵਿਚ ਮਗਧ ਯੂਨੀਵਰਸਿਟੀ ਗਯਾ ਤੋਂ “ਗੁਰੂ ਨਾਨਕ ਵਿਕਤਿਤਵ, ਕ੍ਰਿਤਿਤਵ ਅਤੇ ਚਿੰਤਨ” ਦੇ ਵਿਸ਼ੇ ’ਤੇ ਡੀ.ਲਿਟ.ਦੀ ਡਿਗਰੀ ਪ੍ਰਾਪਤ ਕੀਤੀ। ਇਸ ਤੋਂ ਬਾਅਦ ਸਨਮਾਨ ਵਜੋਂ ਪੰਜਾਬੀ ਯੂਨੀਵਰਸਿਟੀ ਨੇ 2014 ਵਿਚ ਉਨ੍ਹਾਂ ਨੂੰ ਡੀ.ਲਿਟ.(ਮਾਨਾਰਥ) ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ 2015 ਵਿਚ ਡੀ.ਲਿਟ.(ਮਾਨਾਰਥ) ਪ੍ਰਦਾਨ ਕੀਤੀਆਂ। ਉਨ੍ਹਾਂ ਦੀ ਵਿਸ਼ੇਸ਼ਤਾ ਪੰਜਾਬੀ ਅਤੇ ਹਿੰਦੀ ਦਾ ਮੱਧਕਾਲੀਨ ਸਾਹਿਤ ਅਤੇ ਭਗਤੀ ਅੰਦੋਲਨ ਸੰਬੰਧੀ ਸਾਹਿਤ, ਸਿੱਖ ਧਰਮ ਗ੍ਰੰਥ ਅਤੇ ਭਾਰਤੀ ਕਾਵਿ ਸ਼ਾਸਤ੍ਰ ਵਿਚ ਹੈ।

1959 ਵਿਚ ਉਨ੍ਹਾਂ ਦਾ ਵਿਆਹ ਦਿੱਲੀ ਦੀ ਬੀਬੀ ਰਾਜਿੰਦਰ ਕੌਰ ਨਾਲ ਹੋ ਗਿਆ। ਜਿਸ ਤੋਂ ਉਨ੍ਹਾਂ ਦੇ ਦੋ ਸਪੁੱਤਰ ਵਰਿੰਦਰ ਸਿੰਘ ਅਤੇ ਮਲਵਿੰਦਰ ਸਿੰਘ ਪੈਦਾ ਹੋਏ। ਵਰਿੰਦਰ ਸਿੰਘ ਸਵਰਗਵਾਸ ਹੋ ਗਏ ਸਨ। ਮਾਲਵਿੰਦਰ ਸਿੰਘ ਜੱਗੀ ਆਈ.ਏ.ਐਸ.ਅਧਿਕਾਰੀ ਹਨ। 24 ਮਾਰਚ 1975 ਨੂੰ ਰਾਜਿੰਦਰ ਕੌਰ ਕੈਂਸਰ ਦੀ ਬਿਮਾਰੀ ਨਾਲ ਸਵਰਗਵਾਸ ਹੋ ਗਏ। ਫਿਰ ਉਨ੍ਹਾਂ ਦੀ ਸ਼ਾਦੀ ਡਾ.ਗੁਰਸ਼ਰਨ ਕੌਰ ਨਾਲ ਹੋ ਗਈ, ਜਿਹੜੇ ਮਹਿੰਦਰਾ ਕਾਲਜ ਦੇ ਪ੍ਰਿੰਸੀਪਲ ਸੇਵਾ ਮੁਕਤ ਹੋਏ ਹਨ। ਡਾ.ਗੁਰਸ਼ਰਨ ਕੌਰ ਨੇ ਥੋੜ੍ਹਾ ਸਮਾ ਪੰਜਾਬੀ ਯੂਨੀਵਰਸਿਟੀ ਦੇ ਰਜਿਸਟਰਾਰ ਦੇ ਤੌਰ ’ਤੇ ਵੀ ਕੰਮ ਕੀਤਾ। ਉਨ੍ਹਾਂ ਨੂੰ ਅਧਿਐਨ, ਸੰਪਾਦਨ ਅਤੇ ਵਿਆਖਿਆ ਉਪਰ ਸਾਹਿਤ ਅਕਾਦਮੀ ਦਿੱਲੀ ਦਾ ਰਾਸ਼ਟਰੀ ਅਨੁਵਾਦ ਪੁਰਸਕਾਰ, ਭਾਸ਼ਾ ਵਿਭਾਗ ਪੰਜਾਬ ਵਲੋਂ 8 ਪੁਸਤਕਾਂ ਉਪਰ ਸਰਵੋਤਮ ਪੁਰਸਕਾਰ, ਇੱਕ ਪੁਸਤਕ ਉਪਰ ਹਰਿਆਣਾ ਸਰਕਾਰ ਵਲੋਂ ਸ਼੍ਰੋਮਣੀ ਸਾਹਿਤਕਾਰ ਸਨਮਾਨ, ਉਤਰ ਪ੍ਰਦੇਸ਼ ਹਿੰਦੀ ਸੰਸਥਾਨ ਵਲੋਂ ਸਨਮਾਨ ਤੋਂ ਇਲਾਵਾ ਅਨੇਕਾਂ ਧਾਰਮਕ ਸੰਸਥਾਵਾਂ ਅਤੇ ਸਾਹਿਤਕ ਅਦਾਰਿਆਂ ਵਲੋਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ ਹੈ। ਸੰਨ 1996 ਵਿੱਚ ਭਾਸ਼ਾ ਵਿਭਾਗ ਪੰਜਾਬ ਵਲੋਂ ਪੰਜਾਬੀ ਸਾਹਿਤ ਸ਼੍ਰੋਮਣੀ ਪੁਰਸਕਾਰ ਨਾਲ ਸਨਮਾਨਿਆ ਗਿਆ ਸੀ। 1999 ਵਿਚ ਉਨ੍ਹਾਂ ਨੂੰ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਨੇ ਕਰਤਾਰ ਸਿੰਘ ਧਾਲੀਵਾਲ ਸਾਹਿਤ ਪੁਰਸਕਾਰ ਦੇ ਕੇ ਸਨਮਾਨਤ ਕੀਤਾ। ਜਿਵੇਂ ਕਿਹਾ ਜਾਂਦਾ ਹੈ ਕਿ ਇਕ ਸਫਲ ਆਦਮੀ ਪਿਛੇ ਇਸਤਰੀ ਦਾ ਹੱਥ ਹੁੰਦਾ ਹੈ, ਉਸੇ ਤਰ੍ਹਾਂ ਡਾ.ਰਤਨ ਸਿੰਘ ਜੱਗੀ ਦੇ ਖੋਜ ਕਾਰਜਾਂ ਵਿੱਚ ਸਫਲਤਾ ਪਿਛੇ ਡਾ.ਗੁਰਸ਼ਰਨ ਕੌਰ ਜੱਗੀ ਦਾ ਯੋਗਦਾਨ ਮਹੱਤਵਪੂਰਨ ਹੈ।

NEED A LAWYER ??
KAUR LAW OFFICE
Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202



Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Age -35 years, Height-5.4, Caste-Jatt Sikh, Mother - Retired Principal from Government School, 1 brother - Sarpanch of Village, Father - Expired, Education - Marketing, Master of Business administration, Food Media., Status in Canada - Permanent resident. Right now, living in Etobicoke, Girl is never married. Want clean shave boy and Jatt Sikh only. Phone No - (437) 332-8422

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ




647-998-7500 ਬਲਵਿੰਦਰ

Visions of Punjab



Natasha Mahal
Co-Host
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com



Iqbal Mahal
Producer & Host
Serving the South Asian Community Since 1976

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ



ਹਰਜੀਤ ਧਨੋਆ
416.230.4000 • 647.409.1092
www.STARLANEPAINTING.com

ਸੈਲ ਐਂਡ ਫਿਕਸ



ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਹਮੀਰਪੁਰ ਵਿਚ ਦੂਸ਼ਿਤ ਪਾਣੀ ਪੀਣ ਨਾਲ ਬਿਮਾਰ ਹੋਣ ਵਾਲਿਆਂ ਦੀ ਗਿਣਤੀ ਹੋਈ 535

**ਮੁੱਖ ਮੰਤਰੀ ਨੇ ਮੰਗੀ ਰਿਪੋਰਟ**

ਹਮੀਰਪੁਰ, 29 ਜਨਵਰੀ (ਪੋਸਟ ਬਿਊਰੋ): ਹਿਮਾਚਲ ਪ੍ਰਦੇਸ਼ ਦੇ ਹਮੀਰਪੁਰ ਜ਼ਿਲੇ ਦੇ ਨਾਦੌਨ ਉਪਮੰਡਲ ਦੇ ਇਕ ਦਰਜਨ ਪਿੰਡਾਂ ਵਿੱਚ ਕਥਿਤ ਤੌਰ ‘ਤੇ ਦੂਸ਼ਿਤ ਪਾਣੀ ਪੀਣ ਨਾਲ ਬਿਮਾਰ ਹੋਣ ਵਾਲੇ ਲੋਕਾਂ ਦੀ ਗਿਣਤੀ ਐਤਵਾਰ ਨੂੰ 535 ਹੋ ਗਈ। ਜ਼ਿਲੇ ਦੇ ਬਾਂਹ, ਜੰਦਗੀ ਗੁੱਜਰਾਂ, ਜੰਡਾਲੀ ਰਾਜਪੂਤਾਨਾ, ਪੰਨਾਲਾ, ਪਠਿਆਲੂ, ਨਿਆਟੀ, ਰੰਗਾਂ ਚੌਕੀ ਹਾੜ, ਠਾਣੇ, ਸ਼ੰਕਰ ਸਮੇਤ ਇਕ ਦਰਜਨ ਪਿੰਡਾਂ ਦੇ ਲੋਕ ਪਾਣੀ ਦੀ ਮਾਰ ਹੇਠ ਆ ਚੁੱਕੇ ਹਨ।

ਰੰਗਾਸ ਪੰਚਾਇਤ ਦੇ ਮੁਖੀ ਰਾਜੀਵ ਕੁਮਾਰ ਨੇ ਪਹਿਲਾਂ ਕਿਹਾ ਸੀ ਕਿ ਬਿਮਾਰ ਹੋਣ ਵਾਲੇ ਲੋਕਾਂ ਦੀ ਗਿਣਤੀ 300 ਨੂੰ ਪਾਰ ਕਰ ਗਈ ਹੈ, ਜਿਨ੍ਹਾਂ ਵਿਚੋਂ ਕੁਝ ਨੂੰ ਹਮੀਰਪੁਰ ਦੇ ਹਸਪਤਾਲ ਭੇਜਿਆ ਗਿਆ ਹੈ। ਇਸ ਦੌਰਾਨ ਅਧਿਕਾਰੀਆਂ ਨੇ ਦੱਸਿਆ ਕਿ ਬਿਮਾਰ ਹੋਣ ਵਾਲਿਆਂ ਦੀ ਗਿਣਤੀ 535 ਹੋ ਗਈ ਹੈ।



ਕੁਮਾਰ ਨੇ ਦੱਸਿਆ ਕਿ ਜਲ ਸਕਤੀ ਵਿਭਾਗ ਵਲੋਂ ਦਿੱਤਾ ਗਿਆ ਪਾਣੀ ਪੀਣ ਨਾਲ ਹਰ ਘਰ ਦੇ ਦੋ ਤੋਂ ਤਿੰਨ ਵਿਅਕਤੀ ਬਿਮਾਰ ਹੋ ਗਏ ਹਨ। ਉਨ੍ਹਾਂ ਕਿਹਾ ਕਿ ਮੰਨਿਆ ਜਾ ਰਿਹਾ ਹੈ ਕਿ ਇਹ ਬਿਮਾਰੀ ਪਾਣੀ ਵਿਚ ਬੈਕਟੀਰੀਆ ਦੀ ਜ਼ਿਆਦਾ ਮਾਤਰਾ ਕਾਰਨ ਹੋ ਰਹੀ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਉਸਾਰੀ ਅਧੀਨ ਟੈਂਕੀ ਤੋਂ ਬਿਨਾਂ ਫਿਲਟਰ ਕੀਤੇ ਪਾਣੀ ਦੀ ਸਪਲਾਈ ਕੀਤੀ ਜਾਂਦੀ ਸੀ, ਜਿਸ ਕਾਰਨ ਇਹ ਬਿਮਾਰੀ ਫੈਲਦੀ ਹੈ।

ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਜ਼ਿਲਾ ਪ੍ਰਸਾਸਨ ਅਤੇ ਸਿਹਤ ਵਿਭਾਗ ਨੂੰ ਮਰੀਜ਼ਾਂ ਦੀ ਸਹੀ ਦੇਖਭਾਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਹ ਵੀ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ ਕਿ ਦਵਾਈਆਂ ਅਤੇ ਹੋਰ ਸਹੂਲਤਾਂ ਦੀ ਕੋਈ ਕਮੀ ਨਾ ਰਹੇ। ਮੁੱਖ ਮੰਤਰੀ ਸੁੱਖੂ ਖੁਦ ਨਦੌਣ ਤੋਂ ਵਿਧਾਇਕ ਹਨ। ਸੁੱਖੂ ਨੇ ਮਾਮਲੇ ਦੀ ਸੂਬਾ ਅਤੇ ਜ਼ਿਲਾ ਪੱਧਰੀ ਏਜੰਸੀਆਂ ਤੋਂ ਪੂਰੀ ਰਿਪੋਰਟ ਮੰਗੀ ਹੈ।

# ਪਾਕਿਸਤਾਨ ਵਿਚ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵਿਚ 35 ਰੁਪਏ ਪ੍ਰਤੀ ਲੀਟਰ ਦਾ ਵਾਧਾ, ਮਹਿੰਗਾਈ ਨਾਲ ਜੂਝ ਰਹੇ ਲੋਕ

ਇਸਲਾਮਾਬਾਦ, 29 ਜਨਵਰੀ (ਪੋਸਟ ਬਿਊਰੋ)- ਨਕਦੀ ਦੀ ਕਮੀ ਨਾਲ ਜੂਝ ਰਹੀ ਪਾਕਿਸਤਾਨ ਸਰਕਾਰ ਨੇ ਐਤਵਾਰ ਨੂੰ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿਚ 35-35 ਰੁਪਏ ਪ੍ਰਤੀ ਲੀਟਰ ਦਾ ਵਾਧਾ ਕੀਤਾ ਹੈ। ਇਸ ਕਾਰਨ ਦੇਸ਼ ਵਿਚ ਪਹਿਲਾਂ ਹੀ ਮਹਿੰਗਾਈ ਨਾਲ ਜੂਝ ਰਹੇ ਲੋਕਾਂ ਨੂੰ ਵੱਡਾ ਝਟਕਾ ਲੱਗਾ ਹੈ। ਵਿੱਤ ਮੰਤਰੀ ਇਸਹਾਕ ਡਾਰ ਨੇ ਐਤਵਾਰ ਸਵੇਰੇ ਟੀਵੀ ’ਤੇ ਜਨਤਾ ਨੂੰ ਸੰਬੋਧਨ ਕਰਦੇ ਹੋਏ ਇਹ ਐਲਾਨ ਕੀਤਾ। ਇਸ ਤੋਂ ਪਹਿਲਾਂ ਦੇਸ਼ ’ਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ’ਚ ਹਰ ਪੰਦਰਵਾੜੇ ਮਹੀਨੇ ਦੀ ਪਹਿਲੀ ਅਤੇ 16 ਤਰੀਕ ਨੂੰ ਬਦਲਾਅ ਕੀਤਾ ਜਾਂਦਾ ਸੀ।

ਵਿੱਤ ਮੰਤਰੀ ਇਸਹਾਕ ਡਾਰ ਨੇ ਕਿਹਾ, “ਅਸੀਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ 35-35 ਰੁਪਏ ਪ੍ਰਤੀ ਲੀਟਰ ਵਧਾਉਣ ਦਾ ਫੈਸਲਾ ਕੀਤਾ ਹੈ। ਮਿੱਟੀ ਦੇ ਤੇਲ ਅਤੇ ਲਾਈਟ ਡੀਜ਼ਲ ਦੀਆਂ ਕੀਮਤਾਂ ਵਿਚ ਵੀ 18-18 ਰੁਪਏ ਪ੍ਰਤੀ ਲੀਟਰ ਦਾ ਵਾਧਾ ਹੋਇਆ ਹੈ। ਨਵੀਂਆਂ ਕੀਮਤਾਂ ਐਤਵਾਰ ਸਵੇਰੇ 11 ਵਜੇ ਤੋਂ ਲਾਗੂ ਹੋ ਗਈਆਂ ਹਨ।

ਇਸ ਨਾਲ ਪਾਕਿਸਤਾਨ ‘ਚ ਪੈਟਰੋਲ ਦੀ ਕੀਮਤ 249.80 ਰੁਪਏ ਪ੍ਰਤੀ ਲੀਟਰ, ਹਾਈ-ਸਪੀਡ ਡੀਜ਼ਲ ਦੀ ਕੀਮਤ 262.80 ਰੁਪਏ ਪ੍ਰਤੀ ਲੀਟਰ, ਮਿੱਟੀ ਦਾ ਤੇਲ 189.83 ਰੁਪਏ ਪ੍ਰਤੀ ਲੀਟਰ ਅਤੇ ਲਾਈਟ ਡੀਜ਼ਲ ਦੀ ਕੀਮਤ 187 ਰੁਪਏ ਪ੍ਰਤੀ ਲੀਟਰ ਹੋ ਗਈ ਹੈ।



ਪਿਛਲੇ ਹਫਤੇ, ਪ੍ਰਧਾਨ ਮੰਤਰੀ ਸਹਿਬਾਜ ਸਰੀਫ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਦੀ ਅਗਵਾਈ ਵਾਲਾ ਸੱਤਾਧਾਰੀ ਗਠਜੋੜ ਪਾਕਿਸਤਾਨ ਲਈ ਪ੍ਰਵਾਨਿਤ ਬੇਲਆਊਟ ਪੈਕੇਜ ਨੂੰ ਬਹਾਲ ਕਰਨ ਲਈ ਅੰਤਰਰਾਸਟਰੀ ਮੁਦਰਾ ਫੰਡ (ਆਈਐਮਐਫ) ਦੀਆਂ ਸਖ਼ਤ ਸਰਤਾਂ ਨੂੰ ਸਵੀਕਾਰ ਕਰਨ ਲਈ ਤਿਆਰ ਹੈ।

ਵਿੱਤ ਮੰਤਰੀ ਡਾਰ ਨੇ ਕਿਹਾ ਕਿ ਪਿਛਲੇ ਹਫਤੇ ਪਾਕਿਸਤਾਨੀ ਰੁਪਏ ਦਾ ਮੁੱਲ ਘਟਿਆ ਅਤੇ ਹੁਣ ਅਸੀਂ ਅੰਤਰਰਾਸਟਰੀ ਬਾਜਾਰ ‘ਚ ਪੈਟਰੋਲੀਅਮ ਪਦਾਰਥਾਂ ਦੀਆਂ ਕੀਮਤਾਂ ‘ਚ 11 ਫੀਸਦੀ ਦਾ ਵਾਧਾ ਦੇਖ ਰਹੇ ਹਾਂ। ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਨੇ ਪਿਛਲੇ ਚਾਰ ਮਹੀਨਿਆਂ ਵਿੱਚ ਪੈਟਰੋਲ ਦੀਆਂ ਕੀਮਤਾਂ ਵਿੱਚ ਕੋਈ ਵਾਧਾ ਨਹੀਂ ਕੀਤਾ।

# ਨਾਸਿਕ ਵਿਚ ਕਰਜ਼ੇ ਤੋਂ ਦੁਖੀ ਪਿਤਾ ਨੇ ਦੋ ਪੁੱਤਰਾਂ ਸਮੇਤ ਕੀਤੀ ਖੁਦਕੁਸ਼ੀ

ਨਾਸਿਕ, 29 ਜਨਵਰੀ (ਪੋਸਟ ਬਿਊਰੋ): ਨਾਸਿਕ ਦੇ ਸਤਪੁਰ ਇਲਾਕੇ ਦੇ ਰਾਧਾਕ੍ਰਿਸ਼ਨ ਨਗਰ ਵਿੱਚ ਇੱਕ ਹੈਰਾਨੀਜਨਕ ਘਟਨਾ ਸਾਹਮਣੇ ਆਈ ਹੈ। ਜਿੱਥੇ ਇੱਕ ਵਪਾਰੀ ਪਰਿਵਾਰ ਦੇ ਤਿੰਨ ਲੋਕਾਂ ਨੇ ਖੁਦਕੁਸੀ ਕਰ ਲਈ। ਦੋਵਾਂ ਨੌਜਵਾਨਾਂ ਨੇ ਆਪਣੇ ਪਿਤਾ ਨਾਲ ਮਿਲ ਕੇ ਘਰ ਦੇ ਤਿੰਨ ਵੱਖ-ਵੱਖ ਕਮਰਿਆਂ ’ਚ ਫਾਹਾ ਲੈ ਲਿਆ। ਸੂਚਨਾ ਮਿਲਦੇ ਹੀ ਇਲਾਕੇ ’ਚ ਹੜਕੰਪ ਮਚ ਗਿਆ। ਤੁਰੰਤ ਪੁਲਸ ਨੂੰ ਸੂਚਨਾ ਦਿੱਤੀ ਗਈ। ਮੌਕੇ ‘ਤੇ ਪਹੁੰਚੀ ਪੁਲਸ ਨੇ ਲਾਸ਼ਾਂ ਨੂੰ ਕਬਜ਼ੇ ’ਚ ਲੈ ਕੇ ਪੋਸਟਮ-ਾਰਟਮ ਲਈ ਭੇਜ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਸ ਇਸ ਨੂੰ ਖੁਦਕੁਸ਼ੀ ਦਾ ਮਾਮਲਾ ਮੰਨ ਰਹੀ ਹੈ।

ਸਤਪੁਰ ਪੁਲਸ ਅਨੁਸਾਰ ਖੁਦਕੁਸ਼ੀ ਕਰਨ ਵਾਲਿਆਂ ਦੇ ਨਾਮ ਦੀਪਕ ਸ਼ਿਰੋੜੇ (ਪਿਤਾ ਉਮਰ 55 ਸਾਲ), ਪ੍ਰਸਾਦ ਸ਼ਿਰੋੜੇ (ਵੱਡਾ ਪੁੱਤਰ ਉਮਰ 25 ਸਾਲ), ਰਾਕੇਸ ਸ਼ਿਰੋੜੇ (ਉਮਰ 23 ਸਾਲ) ਹਨ। ਤਿੰਨਾਂ ਨੇ ਇਕੋ ਘਰ ਦੇ ਤਿੰਨ ਵੱਖ-ਵੱਖ ਕਮਰਿਆਂ ਵਿੱਚ ਛੱਤ ਵਾਲੇ ਪੱਖੇ ਨਾਲ ਫਾਹਾ ਲੈ ਕੇ ਖੁਦਕੁਸੀ ਕਰ ਲਈ। ਸ਼ਿਰੋੜੇ ਪਰਿਵਾਰ ਅਸ਼ੋਕਨਗਰ ਦੇ ਆਖਰੀ ਬੱਸ ਸਟਾਪ ਇਲਾਕੇ ’ਚ ਫਲਾਂ ਦਾ ਕਾਰੋਬਾਰ ਕਰਦਾ ਸੀ। ਘਰ ਦੇ ਵੱਡੇ ਬੇਟੇ ਪ੍ਰਸਾਦ ਸ਼ਿਰੋੜੇ ਦੀ ਪਤਨੀ ਗਰਭਵਤੀ ਹੋਣ ਕਾਰਨ ਮੁੰਬਈ ਗਈ ਹੋਈ ਸੀ। ਅੱਜ ਸਵੇਰੇ ਉਸ ਦੀ ਡਿਲੀਵਰੀ ਹੋਈ ਅਤੇ ਉਸ ਨੇ ਬੇਟੀ ਨੂੰ ਜਨਮ ਦਿੱਤਾ।



ਜਾਣਕਾਰੀ ਮੁਤਾਬਕ ਪਰਿਵਾਰ ਮੂਲ ਰੂਪ ਵਿਚ ਦੇਵਲਾ ਤਾਲੁਕਾ ਦੇ ਉਮਰਾਣੇ ਦਾ ਰਹਿਣ ਵਾਲਾ ਹੈ। ਪਿਛਲੇ 10 ਸਾਲਾਂ ਤੋਂ ਉਹ ਕਾਰੋਬਾਰ ਦੇ ਸਿਲਸਿਲੇ ’ਚ ਨਾਸਿਕ ਆਇਆ ਹੋਇਆ ਸੀ। ਉਨ੍ਹਾਂ ਦਾ ਘਰ ਰਾਧਾਕ੍ਰਿਸ਼ਨ ਨਗਰ ਇਲਾਕੇ ਵਿਚ ਹੈ। ਪਿਤਾ ਦੀਪਕ ਅਸ਼ੋਕ ਨਗਰ ਦੇ ਆਖਰੀ ਬੱਸ ਅੱਡੇ ’ਤੇ ਸਬਜੀ ਮੰਡੀ ਨੇੜੇ ਫਲ ਵੇਚਣ ਦਾ ਕੰਮ ਕਰਦਾ ਸੀ। ਉਸ ਦੇ ਪੁੱਤਰ ਪ੍ਰਸਾਦ ਅਤੇ ਰਾਕੇਸ਼ ਸ਼ਿਵਾਜੀ ਨਗਰ ਇਲਾਕੇ ’ਚ ਚਾਰ ਪਹੀਆ ਵਾਹਨਾਂ ’ਤੇ ਫਲ ਵੇਚਦੇ ਸਨ।

ਦੱਸਿਆ ਜਾ ਰਿਹਾ ਹੈ ਕਿ ਪਰਿਵਾਰ ਦੀ ਆਰਥਿਕ ਹਾਲਤ ਖਰਾਬ ਹੋਣ ਕਾਰਨ ਉਹ ਕਰਜਾਈ ਸੀ। ਜਿਸ ਕਾਰਨ ਉਹ ਚਿੰਤਤ ਸਨ। ਐਤਵਾਰ ਦੁਪਹਿਰ ਪਰਿਵਾਰ ਦੇ ਹੋਰ ਮੈਂਬਰ ਕਿਸੇ ਕੰਮ ਲਈ ਬਾਹਰ ਗਏ ਹੋਏ ਸਨ। ਇਸ ਦੌਰਾਨ ਦੋਵੇਂ ਪੁੱਤਰਾਂ ਨੇ ਆਪਣੇ ਪਿਤਾ ਨਾਲ ਮਿਲ ਕੇ ਫਾਹਾ ਲੈ ਕੇ ਖੁਦਕੁਸੀ ਕਰਨ ਦਾ ਫੈਸਲਾ ਕੀਤਾ। ਜਦੋਂ ਪਰਿਵਾਰਕ ਮੈਂਬਰ ਆਏ ਤਾਂ ਉਨ੍ਹਾਂ ਨੇ ਦਰਵਾਜਾ ਖੜਕਾਇਆ। ਪਰ ਅੰਦਰੋਂ ਕਿਸੇ ਨੇ ਦਰਵਾਜਾ ਨਹੀਂ ਖੋਲ੍ਹਿਆ। ਜਿਸ ਤੋਂ ਬਾਅਦ ਉਸ ਨੇ ਆਸਪਾਸ ਦੇ ਲੋਕਾਂ ਨੂੰ ਬੁਲਾਇਆ ਤਾਂ ਘਰ ਦਾ ਦਰਵਾਜਾ ਤੋੜਿਆ ਗਿਆ। ਜਿਸ ਤੋਂ ਬਾਅਦ ਸਾਰਿਆਂ ਨੇ ਤਿੰਨਾਂ ਨੂੰ ਫਾਹੇ ਨਾਲ ਲਟਕਦੇ ਦੇਖਿਆ।

# ਆਸਟ੍ਰੇਲੀਆ ਵਿਚ ਰੇਡੀਓਐਕਟਿਵ ਕੈਪਸੂਲ ਦੇ ਗਾਇਬ ਹੋਣ ਕਾਰਨ ਮਚਿਆ ਹੜਕੰਪ, ਗੰਭੀਰ ਬੀਮਾਰੀ ਫੈਲਣ ਦਾ ਡਰ

ਮੈਲਬਰਨ, 29 ਜਨਵਰੀ (ਪੋਸਟ ਬਿਊਰੋ): ਇਕ ਰੇਡੀਓਐਕਟਿਵ ਕੈਪਸੂਲ ਦੇ ਗੁੰਮ ਹੋਣ ਕਾਰਨ ਪੱਛਮੀ ਆਸਟ੍ਰੇਲੀਆ ਵਿੱਚ ਹਲਚਲ ਮਚ ਗਈ ਹੈ। ਜਲਦਬਾਜ਼ੀ ਵਿੱਚ ਪੱਛਮੀ ਆਸਟ੍ਰੇਲੀਆ ਦੇ ਕਈ ਹਿੱਸਿਆਂ ਵਿੱਚ ਰੇਡੀਏਸ਼ਨ ਅਲਰਟ ਜਾਰੀ ਕੀਤਾ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਪਰਥ ਵਿਚ ਮਾਈਨਿੰਗ ਵਿਚ ਵਰਤਿਆ ਜਾਣ ਵਾਲਾ ਇਕ ਰੇਡੀਓਐਕਟਿਵ ਕੈਪਸੂਲ ਗਾਇਬ ਹੋ ਗਿਆ ਹੈ।




ਏਜੰਸੀ ਦੇ ਅਨੁਸਾਰ, ਫਾਇਰ ਬ੍ਰਿਗੇਡ ਅਤੇ ਐਮਰਜੈਂਸੀ ਸੇਵਾਵਾਂ ਵਿਭਾਗ ਨੇ ਕਿਹਾ ਕਿ ਸੀਜੀਅਮ -137 ਵਾਲਾ ਇੱਕ ਛੋਟਾ ਕੈਪਸੂਲ ਨਿਊਮੈਨ ਦੇ ਉੱਤਰ ਵਿਚ ਆਵਾਜਾਈ ਦੌਰਾਨ ਗੁੰਮ ਹੋ ਗਿਆ ਸੀ। ਦੱਸਿਆ ਜਾ ਰਿਹਾ ਹੈ ਕਿ ਇਹ ਘਟਨਾ ਕਿੰਬਰਲੇ ਦੇ ਇੱਕ ਛੋਟੇ ਜਿਹੇ ਕਸਬੇ ਵਿੱਚ ਵਾਪਰੀ ਹੈ।

ਏਜੰਸੀ ਨੇ ਕਿਹਾ ਕਿ ਇਸ ਰੇਡੀਓਐਕਟਿਵ ਕੈਪਸੂਲ ਦੀ ਵਰਤੋਂ ਮਾਈਨਿੰਗ ਕਾਰਜਾਂ ‘ਚ ਗੇਜ ਦੇ ਅੰਦਰ ਕੀਤੀ ਜਾਂਦੀ ਹੈ। ਇਸ ਪਦਾਰਥ ਦੇ ਸੰਪਰਕ ਵਿੱਚ ਆਉਣ ਨਾਲ ਜਲਨ ਜਾਂ ਗੰਭੀਰ ਬੀਮਾਰੀ ਹੋ ਸਕਦੀ ਹੈ। ਰਾਜ ਦੀ ਸਿਹਤ ਏਜੰਸੀ ਨੇ ਕਿਹਾ ਕਿ ਕੈਪਸੂਲ ਨੂੰ ਇੱਕ ਟਰੱਕ ਵਿਚ ਇਕ ਖਾਨ ਤੋਂ ਸਟੋਰੇਜ ਸਹੂਲਤ ਤੱਕ ਲਿਜਾਇਆ ਜਾ ਰਿਹਾ ਸੀ। ਇਸ ਦੌਰਾਨ ਉਹ ਗਾਇਬ ਹੋ ਗਿਆ। ਨਿਊਮੈਨ ਪਰਥ ਤੋਂ ਲਗਭਗ 1,200 ਕਿਲੋਮੀਟਰ ਉੱਤਰ-ਪੂਰਬ ਵਿੱਚ ਸਥਿਤ ਹੈ। ਪੱਛਮੀ ਆਸਟ੍ਰੇਲੀਆ ਦੇ ਮੁੱਖ ਸਿਹਤ ਅਧਿਕਾਰੀ ਐਂਡਰਿਊ ਰੌਬਰਟਸਨ ਨੇ ਕਿਹਾ ਕਿ ਜੇਕਰ ਕੈਪਸੂਲ ਨੂੰ ਸਰੀਰ ਦੇ ਨੇੜੇ ਰੱਖਿਆ ਜਾਂਦਾ ਹੈ, ਤਾਂ ਇਹ ਚਮੜੀ ਦੀ ਲਾਲੀ ਅਤੇ ਰੇਡੀਓ ਐਕਟਿਵ ਬਰਨ ਦਾ ਕਾਰਨ ਬਣ ਸਕਦਾ ਹੈ।

# ਓਡੀਸਾ ਦੇ ਸਿਹਤ ਮੰਤਰੀ ਨੂੰ ਪੁਲਸ ਮੁਲਾਜ਼ਮ ਨੇ ਮਾਰੀ ਗੋਲੀ, ਇਲਾਜ ਦੌਰਾਨ ਮੌਤ



ਨਵੀਂ ਦਿੱਲੀ, 29 ਜਨਵਰੀ (ਪੋਸਟ ਬਿਊਰੋ): ਓਡੀਸਾ ਦੇ ਸਿਹਤ ਮੰਤਰੀ ਨੈਬ ਕਿਸ਼ੋਰ ਦਾਸ ਦੀ ਇਲਾਜ ਦੌਰਾਨ ਮੌਤ ਹੋ ਗਈ। ਮੰਤਰੀ ਦੀ ਐਤਵਾਰ ਨੂੰ ਇਕ ਪੁਲਿਸ ਮੁਲਾਜ਼ਮ ਨੇ ਗੋਲੀ ਮਾਰ ਦਿੱਤੀ ਸੀ। ਨੈਬ ਦਾਸ ਬ੍ਰਿਜਰਾਜਨਗਰ ਦੇ ਗਾਂਧੀ ਚੌਕ ਵਿਚ ਇੱਕ ਪ੍ਰੋਗਰਾਮ ਵਿੱਚ ਸਾਮਲ ਹੋਣ ਲਈ ਜਾ ਰਹੇ ਸਨ। ਜਦੋਂ ਉਨ੍ਹਾਂ ਨੂੰ ਗੋਲੀ ਮਾਰ ਦਿੱਤੀ ਗਈ। ਜਖਮੀ ਹਾਲਤ ’ਚ ਉਨ੍ਹਾਂ ਨੂੰ ਹਵਾਈ ਜਹਾਜ ਰਾਹੀਂ ਭੁਵਨੇਸ਼ਵਰ ਲਿਜਾਇਆ ਗਿਆ। ਨੈਬ ਕਿਸ਼ੋਰ ਦਾਸ ਦਾ ਹਾਲ-ਚਾਲ ਪੁੱਛਣ ਲਈ ਮੁੱਖ ਮੰਤਰੀ ਨਵੀਨ ਪਟਨਾਇਕ ਖੁਦ ਹਸਪਤਾਲ ਗਏ। ਅਪੋਲੋ ਹਸਪਤਾਲ ਵਲੋਂ ਇਕ ਬਿਆਨ ਜਾਰੀ ਕੀਤਾ ਗਿਆ ਹੈ, ਜਿਸ ਵਿਚ ਕਿਹਾ ਗਿਆ ਹੈ ਕਿ ਸਿਹਤ ਮੰਤਰੀ ਨੂੰ ਛਾਤੀ ਵਿਚ ਖੱਬੇ ਪਾਸੇ ਗੋਲੀ ਲੱਗਣ ਕਾਰਨ ਅਪੋਲੋ ਵਿਚ ਦਾਖਲ ਕਰਵਾਇਆ ਗਿਆ ਸੀ।

ਡਾ. ਦੇਬਾਸੀਸ ਨਾਇਕ ਦੀ ਅਗਵਾਈ ਹੇਠ ਡਾਕਟਰਾਂ ਦੀ ਟੀਮ ਨੇ ਤੁਰੰਤ ਉਨ੍ਹਾਂ ਦਾ ਇਲਾਜ ਕੀਤਾ ਅਤੇ ਉਸ ਦਾ ਆਪ੍ਰੇਸ਼ਨ ਕੀਤਾ। ਆਪ੍ਰੇਸ਼ਨ ਕਰਨ ’ਤੇ ਪਤਾ ਲੱਗਾ ਕਿ ਉਨ੍ਹਾਂ ਦੇ ਸਰੀਰ ਵਿਚ ਗੋਲੀ ਵੜ ਗਈ ਸੀ। ਜਿਸ ਕਾਰਨ ਦਿਲ ਅਤੇ ਖੱਬੇ ਫੇਫੜੇ ’ਤੇ ਸੱਟ ਲੱਗੀ ਸੀ ਅਤੇ ਵੱਡੇ ਪੱਧਰ ’ਤੇ ਅੰਦਰੂਨੀ ਖੂਨ ਵਹਿ ਰਿਹਾ ਸੀ।

ਮੁੱਖ ਮੰਤਰੀ ਨਵੀਨ ਪਟਨਾਇਕ ਨੇ ਸਿਹਤ ਮੰਤਰੀ ਦੀ ਮੌਤ ’ਤੇ ਦੁੱਖ ਪ੍ਰਗਟ ਕੀਤਾ ਹੈ। ਮੁੱਖ ਮੰਤਰੀ ਦਫ਼ਤਰ ਵਲੋਂ ਕਿਹਾ ਗਿਆ ਹੈ ਕਿ ਮੁੱਖ ਮੰਤਰੀ ਨੇ ਮੰਤਰੀ ਨਾਬਾ ਦਾਸ ਦੇ ਮੰਦਭਾਗੇ ਦੇਹਾਂਤ ’ਤੇ ਡੂੰਘੇ ਦੁੱਖ ਅਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਹੈ ਕਿ ਉਹ ਉਨ੍ਹਾਂ ਦੀ ਮੌਤ ਤੋਂ ਸਦਮੇ ਅਤੇ ਦੁਖੀ ਹਨ। ਮੁੱਖ ਮੰਤਰੀ ਨਵੀਨ ਪਟਨ-ਾਇਕ ਨੇ ਕਿਹਾ ਕਿ ਉਹ ਸਰਕਾਰ ਅਤੇ ਪਾਰਟੀ ਦੋਵਾਂ ਲਈ ਇਕ ਸੰਪਤੀ ਹਨ। ਉਨ੍ਹਾਂ ਸਿਹਤ ਵਿਭਾਗ ਵਿੱਚ ਲੋਕਾਂ ਦੀ ਭਲਾਈ ਲਈ ਕਈ ਉਪਰਾਲੇ ਕੀਤੇ ਹਨ।

# ਟਰਾਲੀ ਬੈਗ ਦੇ ਹੈਂਡਲ ’ਚ ਲੁਕਾ ਕੇ ਲਿਜਾਈ ਜਾ ਰਹੀ 64 ਲੱਖ ਰੁਪਏ ਦੀ ਵਿਦੇਸ਼ੀ ਕਰੰਸੀ ਏਅਰਪੋਰਟ ਤੋਂ ਫੜੀ

ਨਵੀਂ ਦਿੱਲੀ, 29 ਜਨਵਰੀ (ਪੋਸਟ ਬਿਊਰੋ): ਸੀ.ਆਈ.ਐਸ.ਐਫ. ਦੇ ਜਵਾਨਾਂ ਨੇ ਐਤਵਾਰ ਨੂੰ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਹਵਾਈ ਅੱਡੇ ’ਤੇ ਇਕ ਭਾਰਤੀ ਯਾਤਰੀ ਨੂੰ 64 ਲੱਖ ਰੁਪਏ ਦੀ ਵਿਦੇਸੀ ਕਰੰਸੀ ਸਮੇਤ ਕਾਬੂ ਕੀਤਾ। ਇਹ ਯਾਤਰੀ ਕਥਿਤ ਤੌਰ ’ਤੇ ਆਪਣੇ ਟਰਾਲੀ ਬੈਗ ਦੇ ਹੈਂਡਲ ਵਿਚ ਵਿਦੇਸ਼ੀ ਕਰੰਸੀ ਲੁਕਾ ਕੇ ਬੈਂਕਾਕ ਜਾ ਰਿਹਾ ਸੀ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਇੰਦਰਾ ਗਾਂਧੀ ਇੰਟਰਨੈਸ਼ਨਲ ਹਵਾਈ ਅੱਡੇ ਦੇ ਟਰਮੀਨਲ-3 ’ਤੇ ਸੁਰੱਖਿਆ ਜਾਂਚ ਦੌਰਾਨ ਜਦੋਂ ਸੁਰੱਖਿਆ ਕਰਮਚਾਰੀਆਂ ਨੇ ਐਕਸ-ਰੇ ਸਕੈਨਰ ’ਤੇ ਕਰੰਸੀ ਨੋਟਾਂ ਦੀਆਂ ਤਸਵੀਰਾਂ ਦੇਖੀਆਂ ਤਾਂ ਯਾਤਰੀ ਨੂੰ ਰੋਕ ਦਿੱਤਾ ਗਿਆ।



ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਯਾਤਰੀ ਨੇ ਥਾਈ ਏਅਰਲਾਈਨਜ਼ ਦੀ ਉਡਾਣ ਰਾਹੀਂ ਬੈਂਕਾਕ ਜਾਣਾ ਸੀ। ਅਧਿਕਾਰੀ ਨੇ ਦੱਸਿਆ ਕਿ ਸੀ.ਆਈ.ਐੱਸ.ਐੱਫ. ਦੇ ਜਵਾਨਾਂ ਨੇ 64 ਲੱਖ ਰੁਪਏ ਮੁੱਲ ਦੇ 68,400 ਯੂਰੋ ਅਤੇ 5,000 ਨਿਊਜ਼ੀਲੈਂਡ ਡਾਲਰ ਦੀ ਕਰੰਸੀ ਇਕ ਪੇਚਕਸ ਦੀ ਵਰਤੋਂ ਕਰਕੇ ਬਰਾਮਦ ਕੀਤੀ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀ ਨੂੰ ਅਗਲੇਰੀ ਜਾਂਚ ਲਈ ਕਸਟਮ ਅਧਿਕਾਰੀਆਂ ਦੇ ਹਵਾਲੇ ਕਰ ਦਿੱਤਾ ਗਿਆ ਹੈ।

# ਭੈਣੀ ਸਾਹਿਬ ਵਿਖੇ ਸਤਿਗੁਰੂ ਰਾਮ ਸਿੰਘ ਜੀ ਦੇ 207ਵੇਂ ਪ੍ਰਕਾਸ਼ ਪੁਰਬ ਮੌਕੇ ਰਾਜ ਪੱਧਰੀ ਸਮਾਗਮ ਆਯੋਜਿਤ

ਭੈਣੀ ਸਾਹਿਬ (ਲੁਧਿਆਣਾ), 29 ਜਨਵਰੀ (ਗਿਆਨ ਸਿੰਘ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਨਾਮਧਾਰੀ ਸੰਪਰਦਾ ਦੇ ਬਾਨੀ ਸਤਿਗੁਰੂ ਰਾਮ ਸਿੰਘ ਜੀ ਨੇ ਦੇਸ਼ ਦੀ ਆਜ਼ਾਦੀ ਲਈ ਯੋਗਦਾਨ ਪਾਇਆ ਸੀ ਅਤੇ ਉਨ੍ਹਾਂ ਦੇ ਜੀਵਨ ਅਤੇ ਫਲਸਫੇ ਨੇ ਵੀ ਸਮਾਜ ਵਿੱਚ ਸੁਧਾਰ ਲਿਆਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਸੀ।

ਸਤਿਗੁਰੂ ਰਾਮ ਸਿੰਘ ਜੀ ਦੇ 207ਵੇਂ ਪ੍ਰਕਾਸ਼ ਪੁਰਬ ਮੌਕੇ ਭੈਣੀ ਸਾਹਿਬ ਵਿਖੇ ਹੋਏ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਸਪੀਕਰ ਸੰਧਵਾਂ ਨੇ ਕਿਹਾ ਕਿ ਸਤਿਗੁਰੂ ਰਾਮ ਸਿੰਘ ਜੀ ਨੇ ਅੰਗਰੇਜ਼ ਹਕੂਮਤ ਵਿਰੁੱਧ ਅਸਹਿਯੋਗ ਨੂੰ ਸਿਆਸੀ ਹਥਿਆਰ ਵਜੋਂ ਸਫ਼ਲਤਾਪੂਰਵਕ ਵਰਤਿਆ ਸੀ। ਉਨ੍ਹਾਂ ਕਿਹਾ ਕਿ ਸਤਿਗੁਰੂ ਰਾਮ ਸਿੰਘ ਜੀ ਵੱਲੋਂ ਸ਼ੁਰੂ ਕੀਤੀ ਨਾ-ਮਿਲਵਰਤਣ ਲਹਿਰ ਨੂੰ ਮਹਾਤਮਾ ਗਾਂਧੀ ਵਰਗੇ ਹੋਰ ਉੱਘੇ ਆਜ਼ਾਦੀ ਘੁਲਾਟੀਆਂ ਨੇ ਵੀ ਅਪਣ-ਾਇਆ ਸੀ। ਸਪੀਕਰ ਸੰਧਵਾਂ ਨੇ ਕਿਹਾ ਕਿ ਸਤਿਗੁਰੂ ਰਾਮ ਸਿੰਘ ਜੀ ਦੀ ਅਗਵਾਈ ਹੇਠ ਕੂਕਾ ਸ਼ਹੀਦਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਲੋਕਾਂ ਨੂੰ ਸਮਾਜ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਪ੍ਰੇਰਣਾ ਦਿੰਦੀਆਂ ਰਹਿਣਗੀਆਂ। ਇਸ ਮੌਕੇ ਵਿਧਾਇਕ ਹਰਦੀਪ ਸਿੰਘ ਮੁੰਡੀਆਂ, ਰਜਿੰਦਰਪਾਲ ਕੌਰ ਛੀਨਾ, ਜੀਵਨ ਸਿੰਘ ਸੰਗੋਵਾਲ, ਡਿਪਟੀ ਕਮਿਸ਼ਨਰ ਸੁਰਭੀ ਮਲਿਕ, ਪੁਲਿਸ ਕਮਿਸ਼ਨਰ ਮਨਦੀਪ ਸਿੰਘ ਸਿੱਧੂ ਅਤੇ ਹੋਰ ਹਾਜ਼ਰ ਸਨ।





# ਅਮਨ ਅਰੋੜਾ ਵੱਲੋਂ ਸੁਨਾਮ ਵਿਖੇ ਮਾਡਰਨ ਵੈਂਡਿੰਗ ਜ਼ੋਨ ਦੇ ਚੱਲ ਰਹੇ ਨਿਰਮਾਣ ਕਾਰਜਾਂ ਦਾ ਮੁੜ ਜਾਇਜ਼ਾ, ਪ੍ਰਾਜੈਕਟ ਨੂੰ 31 ਮਾਰਚ ਤੋਂ ਪਹਿਲਾਂ ਮੁਕੰਮਲ ਕਰਨ ਦੇ ਦਿੱਤੇ ਆਦੇਸ਼

**ਕਿਸੇ ਵੀ ਢੰਗ ਨਾਲ ਭ੍ਰਿਸ਼ਟਾਚਾਰ ਕਰਨ ਵਾਲਿਆਂ ਵਿਰੁੱਧ ਹੋਵੇਗੀ ਸਖ਼ਤ ਕਾਰਵਾਈ**

ਸੁਨਾਮ ਊਧਮ ਸਿੰਘ ਵਾਲਾ, 29 ਜਨਵਰੀ (ਗਿਆਨ ਸਿੰਘ): ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ, ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਅਤੇ ਪ੍ਰਿੰਟਿੰਗ ਤੇ ਸਟੇਸ਼ਨਰੀ ਮੰਤਰੀ ਅਮਨ ਅਰੋੜਾ ਵੱਲੋਂ ਅੱਜ ਮੁੜ ਸੁਨਾਮ ਸ਼ਹਿਰ ਦੀ ਪੁਰਾਣੀ ਸਬਜ਼ੀ ਮੰਡੀ ਵਿਖੇ ਬਣਾਏ ਜਾ ਰਹੇ ਮਾਡਰਨ ਵੈਂਡਿੰਗ ਜ਼ੋਨ ਦੇ ਨਿਰਮਾਣ ਕਾਰਜਾਂ ਦਾ ਨਿਰੀਖਣ ਕੀਤਾ ਗਿਆ। ਦੱਸਣਯੋਗ ਹੈ ਕਿ ਸੁਨਾਮ ਸ਼ਹਿਰ ਦੀ ਪੁਰਾਣੀ ਸਬਜ਼ੀ ਮੰਡੀ ਵਾਲੀ ਥਾਂ 'ਤੇ ਇਹ ਵੈਂਡਿੰਗ ਜ਼ੋਨ ਵਿਕਸਤ ਕੀਤਾ ਜਾ ਰਿਹਾ ਹੈ।

ਜ਼ਿਕਰਯੋਗ ਹੈ ਕਿ ਪਿਛਲੇ ਹਫ਼ਤੇ ਹੀ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ 1 ਕਰੋੜ ਰੁਪਏ ਦੀ ਲਾਗਤ ਨਾਲ ਉਸਾਰੇ ਜਾ ਰਹੇ ਆਧੁਨਿਕ ਵੈਂਡਿੰਗ ਜ਼ੋਨ ਦਾ ਅਚਨ-ਚੇਤ ਨਿਰੀਖਣ ਕੀਤਾ ਗਿਆ ਸੀ ਜਿਸ ਦੌਰਾਨ ਉਨ੍ਹਾਂ ਦੇਖਿਆ ਕਿ ਸਬੰਧਤ ਠੇਕੇਦਾਰ ਵੱਲੋਂ ਸੀਵਰੇਜ ਦੇ ਮੈਨਹੋਲ ਚੈਂਬਰ ਬਣਾਉਣ ਲਈ ਗੈਰ ਮਿਆਰੀ ਇੱਟਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਅਮਨ ਅਰੋੜਾ ਨੇ ਇਸ ਕੁਤਾਹੀ ਲਈ ਅਧਿਕਾਰੀਆਂ ਅਤੇ ਠੇਕੇਦਾਰ ਦੀ ਖਿਚਾਈ ਕਰਦਿਆਂ ਤੁਰੰਤ ਸਾਮਾਨ ਨੂੰ ਬਦਲਣ ਦੇ ਨਿਰਦੇਸ਼ ਦਿੱਤੇ। ਕੈਬਨਿਟ ਮੰਤਰੀ ਵੱਲੋਂ ਤਾੜਨਾ ਉਪਰੰਤ ਅਗਲੇ ਹੀ ਦਿਨ ਠੇਕੇਦਾਰ ਵੱਲੋਂ ਸਾਰੀ ਸਮੱਗਰੀ ਬਦਲ ਦਿੱਤੀ ਗਈ ਸੀ।



ਉਨ੍ਹਾਂ ਅਧਿਕਾਰੀਆਂ ਅਤੇ ਠੇਕੇਦਾਰਾਂ ਨੂੰ ਹਦਾਇਤ ਕੀਤੀ ਕਿ 31 ਮਾਰਚ ਤੋਂ ਪਹਿਲਾਂ ਪਹਿਲਾਂ ਮਾਡਰਨ ਵੈਂਡਿੰਗ ਜ਼ੋਨ ਦੇ ਨਿਰਮ-ਾਣ ਕਾਰਜਾਂ ਨੂੰ ਨੇਪਰੇ ਚੜ੍ਹਾਇਆ ਜਾਵੇ ਤਾਂ ਜੋ ਰੇਹੜੀ ਫੜ੍ਹੀ ਵਾਲੇ ਗਰੀਬ ਲੋਕ ਆਪਣੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਇਸ ਮਾਰਕੀਟ ਦਾ ਲਾਭ ਲੈ ਸਕਣ।

ਕੈਬਨਿਟ ਮੰਤਰੀ ਨੇ ਦਿਸ਼ਾ ਨਿਰਦੇਸ਼ ਦਿੰਦਿਆਂ ਸਪੱਸ਼ਟ ਕੀਤਾ ਹੈ ਕਿ ਪੰਜਾਬ ਸਰਕਾਰ ਕਿਸੇ ਵੀ ਤਰ੍ਹਾਂ ਦੇ ਭ੍ਰਿਸ਼ਟਾਚਾਰ ਨੂੰ ਬਰਦਾ-ਸ਼ਤ ਨਹੀਂ ਕਰੇਗੀ ਅਤੇ ਕਿਸੇ ਵੀ ਢੰਗ ਨਾਲ ਸਰਕਾਰੀ ਖਜ਼ਾਨੇ ਨੂੰ ਢਾਹ ਲਾਉਣ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਕੋਈ ਅਧਿਕਾਰੀ, ਕਰਮਚਾਰੀ ਜਾਂ ਠੇਕੇਦਾਰ ਸਰਕਾਰੀ ਫੰਡਾਂ ਦੀ ਦੁਰਵਰਤੋਂ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਸਤਲੁੱਜ ਕਲੱਬ ਦੀ ਨਵੀਂ ਚੁਣੀ ਟੀਮ ਲੁਧਿਆਣਾ ਫਸਟ ਕਲੱਬ ਵੱਲੋਂ ਸਨਮਾਨਿਤ

**ਨਵੀਂ ਚੁਣੀ ਟੀਮ ਸੁਰਭੀ ਮਲਿਕ ਡੀ.ਸੀ. ਲੁਧਿਆਣਾ ਅਤੇ ਡਾ. ਅਜੀਤ ਸਿੰਘ ਚਾਵਲਾ ਦੀ ਅਗਵਾਈ ਵਿਚ ਕਲੱਬ ਮੈਂਬਰਾਂ ਨੂੰ ਹੋਰ ਸਹੂਲਤਾਂ ਪ੍ਰਦਾਨ ਕਰੇਗੀ : ਬਾਵਾ, ਕਾਹਲੋਂ**




ਲੁਧਿਆਣਾ, 29 ਜਨਵਰੀ (ਗਿਆਨ ਸਿੰਘ): ਅੱਜ ਸਤਲੁੱਜ ਕਲੱਬ ਦੀ ਚੋਣਾਂ ਦੌਰਾਨ ਚੁਣੀ ਟੀਮ ਨੂੰ ਲੁਧਿਆਣਾ ਫਸਟ ਕਲੱਬ ਵੱਲੋਂ ਵਧਾਈ ਦਿੱਤੀ ਗਈ ਅਤੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਕਲੱਬ ਦੇ ਚੁਣੇ ਵਾਈਸ ਪ੍ਰਧਾਨ ਸੰਜੇ ਕਪੂਰ, ਜਨਰਲ ਸੈਕਟਰੀ ਡਾ. ਅਜੀਤ ਸਿੰਘ ਚਾਵਲਾ, ਜੁਆਇੰਟ ਸੈਕਟਰੀ ਗੁਰਮੀਤ ਸਿੰਘ ਕੈਰੋਂ, ਮਿਸ ਸੈਕਟਰੀ ਮਨਿੰਦਰ ਬੇਰੀ, ਬਾਰ ਸੈਕਟਰੀ ਭੁਪਿੰਦਰ ਦੇਵ, ਸਪੋਰਟਸ ਸੈਕਟਰੀ ਸੁਲਭਾ ਜਿੰਦਲ, ਕਲਚਰ ਸੈਕਟਰੀ ਹਰਕੇਸ਼ ਮਿੱਤਲ, ਐਗਜੈਟਿਵ ਮੈਂਬਰ ਡਾ. ਅਰੁਨ ਧਵਨ, ਨੀਲਮ ਸਗੋਲ ਅਤੇ ਸੁਰਿੰਦਰ ਸਿੰਘ ਬੇਦੀ ਹਾਜ਼ਰ ਸਨ ਜੋ ਕਿ ਲੁਧਿਆਣਾ ਫਸਟ ਕਲੱਬ ਦੇ ਜਨਰਲ ਸਕੱਤਰ ਹਨ। ਇਸ ਸਮੇਂ ਸਨਮਾਨ ਕਰਨ ਦੀ ਰਸਮ ਕ੍ਰਿਸ਼ਨ ਕੁਮਾਰ ਬਾਵਾ, ਕਰਨਲ ਐੱਚ.ਐੱਸ. ਕਾਹਲੋਂ, ਮੇਜਰ ਆਈ.ਐੱਸ. ਸੰਧੂ, ਰਿਟਾ. ਜੱਜ ਆਰ.ਐੱਸ. ਖੋਖਰ, ਐੱਸ.ਸੀ. ਕਾਰਪੋਰੇਸ਼ਨ ਰਿਟਾ. ਡੀ.ਐੱਸ. ਮਲਹੋਤਰਾ, ਡਾ. ਜਸਵੰਤ ਸਿੰਘ ਰਿਟਾ. ਪੀ.ਸੀ.ਐੱਸ., ਮੁੱਖ ਪ੍ਰਬੰਧਕ ਅਸ਼ਵਨੀ ਅਰੋੜਾ, ਐੱਸ.ਕੇ. ਗੁਪਤਾ, ਉੱਘੇ ਸਨਅਤਕਾਰ ਜੋਗਾ ਸਿੰਘ, ਮਹਿੰਦਰ ਸਿੰਘ, ਸਾਬਕਾ ਜਨਰਲ ਸਕੱਤਰ ਸਤਲੁੱਜ ਕਲੱਬ ਡਾ. ਰੋਹਿਤ ਦੱਤਾ ਅਤੇ ਗੁਰਿੰਦਰ ਸਿੰਘ ਕੈਰੋਂ, ਉੱਘੇ ਵਪਾਰੀ ਵਿਨੋਦ ਤਲਵਾੜ, ਸਨਅਤਕਾਰ ਮੁਕੇਸ਼ ਸੂਦ ਅਤੇ ਸਾਬਕਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਸੁਰਿੰਦਰ ਅਗਰਵਾਲ, ਅਵਿਨਾਸ਼ ਗੁਪਤਾ, ਡਾ. ਡੋਗਰਾ, ਅਸ਼ਵਨੀ ਗਰਗ, ਸਿੰਮੀ ਕਵਾਤਰਾ, ਅਸ਼ੋਕ ਸਚਦੇਵਾ, ਅਜੇ ਨਰੂਲਾ, ਡਾ. ਮਨੋਜ ਸੋਬਤੀ, ਰਾਣਾ ਜੀ, ਅਨਿਲ ਸਚਦੇਵਾ, ਸੰਜੇ ਵਰਮਾ, ਪਿਊਸ਼ ਰਾਜਾ, ਸੋਨੂੰ ਮਾਨ, ਕ੍ਰਿਸ਼ਨ ਕਾਂਸਲ, ਪੰਕਜ ਪ੍ਰਭਾਕਰ ਨੇ ਮੁੱਖ ਤੌਰ 'ਤੇ ਹਾਜਰੀ ਲਗਵਾਈ।

ਇਸ ਸਮੇਂ ਬੋਲਦੇ ਬਾਵਾ ਅਤੇ ਕਾਹਲੋਂ ਨੇ ਕਿਹਾ ਕਿ ਸਤਲੁੱਜ ਕਲੱਬ ਉੱਤਰੀ ਭਾਰਤ ਦੀ ਪ੍ਰਮੁੱਖ ਕਲੱਬ ਹੈ। ਇਸ ਦੀਆਂ ਚੋਣਾਂ 'ਚ ਸ਼ਹਿਰੀ ਮੈਂਬਰਾਂ, ਵੱਡੇ ਸਨਅਤੀ ਘਰਾਣਿਆਂ ਦੀ ਦਿਲਚਸਪੀ ਵੀ ਕਲੱਬ ਦਾ ਮਾਣ ਵਧਾਉਂਦੀ ਹੈ। ਉਹਨਾਂ ਕਿਹਾ ਕਿ ਡਿਪਟੀ ਕਮਿਸ਼ਨਰ ਸੁਰਭੀ ਮਲਿਕ ਅਤੇ ਡਾ. ਅਜੀਤ ਸਿੰਘ ਚਾਵਲਾ ਦੀ ਅਗਵਾਈ ਸਤਲੁੱਜ ਕਲੱਬ ਦੀ ਨਵੀਂ ਚੁਣੀ ਟੀਮ ਕਲਬ ਮੈਂਬਰਾਂ ਦੀਆਂ ਉਮੀਦਾਂ 'ਤੇ ਪੂਰੀ ਉਤਰੇਗੀ ਅਤੇ ਮੈਂਬਰਾਂ ਨੂੰ ਹੋਰ ਸਹੂਲਤਾਂ ਪ੍ਰਦਾਨ ਕਰੇਗੀ। ਇਸ ਸਮੇਂ ਡਾ. ਚਾਵਲਾ ਨੇ ਕਿਹਾ ਕਿ ਅਸੀ ਮਾਣਯੋਗ ਡਿਪਟੀ ਕਮਿਸ਼ਨਰ ਦੀ ਅਗਵਾਈ 'ਚ ਕਲੱਬ ਦੇ ਉਸਾਰੂ ਫੈਸਲੇ, ਮੈਂਬਰਾਂ ਦੀ ਸੋਚ ਅਤੇ ਸਲਾਹ ਮੁਤਾਬਿਕ ਲੈ ਰਹੇ ਹਾਂ। ਮੇਰੀ ਪੂਰੀ ਟੀਮ ਕਲੱਬ ਦੀ ਬਹਿਤਰੀ ਲਈ ਰੋਲ ਅਦਾ ਕਰ ਰਹੀ ਹੈ। ਇਸ ਸਮੇਂ ਸ. ਬੇਦੀ ਅਤੇ ਅਸ਼ਵਨੀ ਅਰੋੜਾ ਨੇ ਸਭ ਦਾ ਧੰਨਵਾਦ ਕੀਤਾ ਅਤੇ ਵਧਾਈ ਦਿੱਤੀ।

OURR HOME & APPLIANCES

HURRY UP
LIMITED TIME OFFER

DEALS LIKE NEVER BEFORE
OURR PRICES ARE THE BEST



BEST DEALS ON
LUXURY KITCHEN APPLIANCES
WE CARRY ALL MAJOR BRANDS

UNBOXED UNITS & NEW IN BOX UNITS AVAILABLE

100% CUSTOMER SATISFACTION

DELIVERY AVAILABLE *CONDITIONS APPLY

PRICE BEAT GUARANTEE *CONDITIONS APPLY

USE THE PROMO CODE TO GET DISCOUNT

PROMO CODE - (COURR-2302FLYER)

WE ARE AN AUTHORIZED DEALER FOR ALL MAJOR BRANDS!

KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL

UNIT #1, 241 CLARENCE ST BRAMPTON, ON L6W 3E7 (416) 551 3343

44 FASKEN DR. #2-9 ETOBICKOKE, ON M9W 5M8 (416) 792-0877

UNIT #6 410 LEWIS RD, STONEY CREEK, ON L8E 5Y7 (905) 643 0818

UNIT #4 -1540 FANSHAWE PARK ROAD WEST LONDON, ON N6H 5L8 (519) 641-1010

5781 HIGHWAY 7 UNIT 10, VAUGHAN, ON L4L 178 (416) 477 5556

1050 SPEERS ROAD, OAKVILLE, ON, L6L 2X4 (416) 613 0555

416-551-5553 WWW.OURRHOMEAPPLIANCES.COM

REXDALE BODY SHOP

USED CAR SALE



CHEEMA

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779

RENTAL CAR PROVIDED



ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

25 years of Canadian Experience
OPEN MON - SAT 9AM TO 7PM

LOWEST PRICE IN TOWN
Towing Service Car Paint Starts $799*upto 100% Deductible Paid*

Call Rick or Manminder Cheema: 416.749.9596 / 416.951.6431

30 Racine Rd. Toronto, ON, M9W 2Z3, FAX: 416.749.9597

www.AAABODYSHOP.ca
mcheemaaaa@hotmail.com

Tri-City Professional Realty Inc., Brokerage. The Future of Real Estate
www.TriCityPro.com

Number 1. Tri-City agent in Canada on basis of sales volume 2021

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ

ਅਵਤਾਰ ਸਿੰਘ ਟਿਵਾਣਾ

NEED MORE LISTINGS



Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection

Avtar Singh Tiwana
Sales Representative

Tel: 905.793.5777
416.802.5866

31 Melanie Dr. Unit #4 Brampton, ON L6T 5H8



SOLD
$1,399,999
CASTLEMORE/GOREWAY



SOLD
$1,749,900
8337 ਗਲਫ ਲਾਈਨ

401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866



SOLD
$1,950,000
26 Yellow RomeRd

ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਾਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਵਿਚ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017